SWITCH INSURANCE
AUTO, HOME & COMMERCIAL
- Commercial Vehicle Insurance
- Commercial Property Insurance
- Commercial General Liability (CGL)
- Rental Property

905-965-7474
www.SwitchInsurance.ca
7900 Hurontario St Suite 308, Brampton, ON L6Y 0P6

ਕੈਨੇਡੀਅਨ
# ਪੰਜਾਬੀ ਪੋਸਟ
Award winning news paper | Canadian Punjabi Post

JOSHI LAW OFFICE
Barrister, Solicitor & Notary Public



- Immigration
- Real Estate
- Commercial Law
- Affidavit
- Power of Attorney

Rakesh M. Joshi
B.A., LL.B
info@joshilawoffice.com | joshilawoffice.com
416-213-8600
6921 Steels Ave. W. Unit 11, Etobicoke, ON

To view our online newspaper visit punjabipost.ca/epaper | Vol 24* Issue 21 | Tuesday, 4 February 2025 | Tel: 905-793-2202 | Fax: 905-793-2282 | news@punjabipost.ca | ਤੁਸੀਂ 'ਪੰਜਾਬੀ ਪੋਸਟ' Onlineਰੋਜ਼ਾਨਾ ਪੜ੍ਹ ਸਕਦੇ ਹੋ




# ਓਂਟਾਰੀਓ ਚੋਣਾਂ 2025: ਅਮਰੀਕੀ ਸ਼ਰਾਬ 'ਤੇ ਪਾਬੰਦੀ ਦਾ ਫ਼ੈਸਲਾ ਠੀਕ, ਪਰ ਲੋਕ ਨੌਕਰੀਆਂ ਬਾਰੇ ਵੀ ਚਿੰਤਤ : ਕਰੌਂਬੀ



ਓਂਟਾਰੀਓ, 3 ਫਰਵਰੀ (ਪੋਸਟ ਬਿਊਰੋ): ਓਂਟਾਰੀਓ ਲਿਬਰਲ ਲੀਡਰ ਬੋਨੀ ਕਰੌਂਬੀ ਨੇ ਕਿਹਾ ਹੈ ਕਿ ਪ੍ਰੋਗਰੈਸਿਵ ਕੰਜ਼ਰਵੇਟਿਵ ਲੀਡਰ ਡੱਗ ਫੋਰਡ ਕੋਲ ਚੋਣਾਂ ਲਈ ਕੋਈ ਯੋਜਨਾ ਨਹੀਂ ਹੈ ਕਿਉਂਕਿ ਕੈਨੇਡਾ ਸੰਯੁਕਤ ਰਾਜ ਅਮਰੀਕਾ ਨਾਲ ਵਪਾਰ ਯੁੱਧ ਲਈ ਤਿਆਰ ਹੋ ਰਿਹਾ ਹੈ। ਕਰੌਂਬੀ ਨੇ ਕਿਹਾ ਕਿ ਉਹ ਮੰਗਲਵਾਰ ਨੂੰ ਫੋਰਡ ਦੇ ਐੱਲ.ਸੀ.ਬੀ.ਓ. ਸ਼ੈਲਫਾਂ ਤੋਂ ਅਮਰੀਕੀ ਉਤਪਾਦਾਂ ਨੂੰ ਹਟਾਉਣ ਦੇ ਫੈਸਲੇ ਦਾ ਸਮਰਥਨ ਕਰਦੇ ਹਨ, ਕਿਉਂਕਿ ਕਿ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਦੇ ਕੈਨੇਡੀਅਨ ਸਮਾਨ 'ਤੇ 25 ਪ੍ਰਤੀਸ਼ਤ ਟੈਰਿਫ ਲਗਾਉਣ ਦਾ ਵਾਅਦਾ ਲਾਗੂ ਹੋਣ ਵਾਲਾ ਹੈ।

ਉਨ੍ਹਾਂ ਕਿਹਾ ਕਿ ਫੋਰਡ ਐੱਲ.ਸੀ.ਬੀ.ਓ. ਦੀਆਂ ਸ਼ੈਲਫਾਂ ਤੋਂ ਅਮਰੀਕੀ ਬ੍ਰਾਂਡਾਂ ਨੂੰ ਹਟਾਉਣ ਜਾ ਰਹੇ ਹਨ। ਇਬ ਫ਼ੈਸਲਾ ਠੀਕ ਹੈ ਪਰ ਬਾਕੀ ਯੋਜਨਾ ਕਿੱਥੇ ਹੈ? ਸਾਡੇ ਉਦਯੋਗਾਂ ਲਈ ਉਤਸ਼ਾਹ ਕਿੱਥੇ ਹੈ? ਲੋਕ ਡਰਦੇ ਹਨ, ਗੁੱਸੇ ਵਿੱਚ ਹਨ। ਉਹ ਅੱਜ ਕਿਰਾਏ ਦਾ ਭੁਗਤਾਨ ਕਰਨ ਅਤੇ ਆਪਣੇ ਭੋਜਨ ਬਾਰੇ ਚਿੰਤਤ ਹਨ ਅਤੇ ਹੁਣ ਉਹ ਆਪਣੀ ਨੌਕਰੀ ਬਾਰੇ ਵੀ ਚਿੰਤਤ ਹਨ।

ਲਿਬਰਲ ਨੇਤਾ ਨੇ ਕਿਹਾ ਕਿ ਫੋਰਡ ਨੇ ਓਨਟਾਰੀਓ ਦੀ ਆਰਥਿਕਤਾ ਨੂੰ ਵਿਭਿੰਨ ਬਣਾਉਣ ਲਈ ਜ਼ਿਆਦਾ ਕੁਝ ਨਹੀਂ ਕੀਤਾ। ਉਨ੍ਹਾਂ ਦੋਸ਼ ਲਾਇਆ ਕਿ ਉਨ੍ਹਾਂ ਨੇ 27 ਫਰਵਰੀ ਨੂੰ ਹੋਣ ਵਾਲੀਆਂ ਚੋਣਾਂ ਨੂੰ ਸ਼ੁਰੂ ਕਰਕੇ ਅਤੇ ਆਪਣੀ ਮੁੜ ਚੋਣ ਮੁਹਿੰਮ 'ਤੇ ਧਿਆਨ ਕੇਂਦਰਿਤ ਕਰਕੇ ਸੂਬੇ ਨੂੰ ਇੱਕ ਵੱਡੇ ਸੰਕਟ ਵਿਚ ਛੱਡ ਦਿੱਤਾ ਹੈ।

# ਟੈਰਿਫ ਦੇ ਖ਼ਤਰੇ ਦੇ 'ਚ ਸਨੈਪ ਚੋਣਾਂ ਨਾਲ ਸੂਬਾ ਨਹੀਂ ਹੋਵੇਗਾ ਕਮਜ਼ੋਰ : ਫੋਰਡ




ਓਂਟਾਰੀਓ, 3 ਫਰਵਰੀ (ਪੋਸਟ ਬਿਊਰੋ): ਪ੍ਰੋਗਰੈਸਿਵ ਕੰਜ਼ਰਵੇਟਿਵ ਨੇਤਾ ਡੱਗ ਫੋਰਡ ਨੇ ਕਿਹਾ ਹੈ ਕਿ ਓਂਟਾਰੀਓ ਦੀ ਸਨੈਪ ਚੋਣ ਮੁਹਿੰਮ ਸੂਬੇ ਨੂੰ ਕਮਜ਼ੋਰ ਨਹੀਂ ਕਰੇਗੀ। ਇਹ ਮੁਹਿੰਮ ਉਨ੍ਹਾਂ ਸੰਯੁਕਤ ਰਾਜ ਅਮਰੀਕਾ ਨਾਲ ਵਪਾਰ ਯੁੱਧ ਦੇ ਖ਼ਤਰੇ ਵਜੋਂ ਬੁਲਾਈ ਹੈ ਪਰ ਵਿਰੋਧੀ ਨੇਤਾਵਾਂ ਦਾ ਕਹਿਣਾ ਹੈ ਕਿ ਉਨ੍ਹਾਂ ਨੇ ਮਹੱਤਵਪੂਰਨ ਸਮੇਂ 'ਤੇ ਸੂਬੇ ਨੂੰ ਲਿਆ ਕੇ ਛੱਡ ਦਿੱਤਾ ਹੈ। ਉਨ੍ਹਾਂ ਨੇ ਮੰਗਲਵਾਰ ਨੂੰ ਸੂਬਾਈ ਸੰਸਦ ਭੰਗ ਕਰ ਦਿੱਤੀ, ਜਿਸਦਾ ਮਤਲਬ ਹੈ ਕਿ ਨਵੀਂ ਸਰਕਾਰ ਬਣਨ ਤੱਕ ਬਿੱਲਾਂ ਨੂੰ ਪਾਸ ਨਹੀਂ ਕੀਤਾ ਜਾ ਸਕਦਾ। ਸਨੈਪ ਚੋਣਾਂ 27 ਫਰਵਰੀ ਲਈ ਨਿਰਧਾਰਤ ਹਨ ਅਤੇ ਟੈਕਸਦਾਤਾਵਾਂ ਨੂੰ 189 ਮਿਲੀਅਨ ਡਾਲਰ ਤੱਕ ਦਾ ਨੁਕਸਾਨ ਹੋ ਸਕਦਾ ਹੈ ਪਰ ਫੋਰਡ ਦਾ ਕਹਿਣਾ ਹੈ ਕਿ ਫਿਰ ਵੀ ਸੂਬਾ ਕਮਜ਼ੋਰ ਨਹੀਂ ਹੈ।

ਦੱਸਦੇਈਏ ਕਿ ਫੋਰਡ ਨੇ ਪਿਛਲੇ ਹਫ਼ਤੇ ਸਨੈਪ ਚੋਣ ਬੁਲਾਈ ਸੀ। ਉਨ੍ਹਾਂ ਇਸ ਨੂੰ ਇਹ ਕਹਿ ਕੇ ਜਾਇਜ਼ ਠਹਿਰਾਇਆ ਕਿ ਉਨ੍ਹਾਂ ਨੂੰ ਵਪਾਰ ਯੁੱਧ ਦੌਰਾਨ ਲੋਕਾਂ ਦੀ ਮਦਦ ਲਈ ਅਰਬਾਂ ਡਾਲਰ ਖਰਚ ਕਰਨ ਲਈ ਓਨਟਾਰੀਓ ਦੇ ਲੋਕਾਂ ਤੋਂ ਇੱਕ ਨਵੇਂ ਫ਼ਤਵੇ ਦੀ ਲੋੜ ਹੈ।

ਫੋਰਡ ਨੇ ਕਿਹਾ ਕਿ ਟਰੰਪ ਟੈਰਿਫ ਨਾਲ ਓਂਟਾਰੀਓ ਦੇ ਆਟੋ ਸੈਕਟਰ ਨੂੰ ਨਿਸ਼ਾਨਾ ਬਣਾ ਰਹੇ ਹਨ। ਉਹ ਕਹਿ ਰਹੇ ਹਨ ਕਿ ਉਨ੍ਹਾਂ ਨੂੰ ਕੈਨੇਡਾ ਦੀਆਂ ਬਣੀਆਂ ਕਾਰਾਂ ਦੀ ਜ਼ਰੂਰਤ ਨਹੀਂ ਹੈ। ਉਹ ਚਾਹੁੰਦੇ ਹਨ ਕਿ ਉਹ ਕਾਰਾਂ ਅਮਰੀਕਾ ਵਿੱਚ ਬਣਾਈਆਂ ਜਾਣ। ਆਪਣੇ ਪਿਛਲੇ ਕਾਰਜਕਾਲ ਦੌਰਾਨ, ਟਰੰਪ ਨੇ ਦੋਵਾਂ ਦੇਸ਼ਾਂ ਅਤੇ ਮੈਕਸੀਕੋ ਵਿਚਕਾਰ ਸਭ ਤੋਂ ਤਾਜ਼ਾ ਮੁਫ਼ਤ ਵਪਾਰ ਸੌਦੇ 'ਤੇ ਦਸਤਖਤ ਕੀਤੇ ਸਨ, ਉਨ੍ਹਾਂ ਖਾਸ ਤੌਰ 'ਤੇ ਇੱਕ ਆਟੋਮੋਟਿਵ ਸਮਝੌਤਾ ਕੀਤਾ ਸੀ। ਜਿਸ ਤਹਿਤ ਕਾਰਾਂ, ਪੁਰਜ਼ੇ ਅਤੇ ਕੱਚੇ ਮਾਲ ਨੂੰ ਕੈਨੇਡਾ-ਅਮਰੀਕਾ ਸਰਹੱਦ 'ਤੇ ਕਈ ਵਾਰ ਇੱਧਰ-ਉੱਧਰ ਭੇਜਿਆ ਜਾਂਦਾ ਹੈ। ਹੁਣ ਟਰੰਪ ਉਸ ਸੌਦੇ ਨੂੰ ਤੋੜਨਾ ਚਾਹੁੰਦੇ ਹਨ। ਟੈਰਿਫ ਲਾਗੂ ਹੋਣ ਤੋਂ ਬਾਅਦ ਆਉਣ ਵਾਲੇ ਹਫ਼ਤੇ ਅਤੇ ਮਹੀਨੇ ਸਾਡੇ ਲਈ ਹੁਣ ਤੱਕ ਦੇ ਸਭ ਤੋਂ ਔਖੇ ਹੋਣਗੇ। ਇਨ੍ਹਾਂ ਟੈਰਿਫਾਂ ਦਾ ਪ੍ਰਭਾਵ ਤੁਰੰਤ ਮਹਿਸੂਸ ਕੀਤਾ ਜਾਵੇਗਾ। ਕੰਪਨੀਆਂ ਦੇ ਹੁਕਮ ਹੌਲੀ ਹੋਣ ਜਾ ਰਹੇ ਹਨ, ਫੈਕਟਰੀਆਂ ਨੂੰ ਸ਼ਿਫਟਾਂ ਘਟਾਉਣੀਆਂ ਪੈਣਗੀਆਂ, ਕਾਮੇ ਆਪਣੀਆਂ ਨੌਕਰੀਆਂ ਗੁਆ ਸਕਦੇ ਹਨ।

# ਓਂਟਾਰੀਓ ਦਾ ਲਿਕਰ ਬੋਰਡ ਅੱਜ ਆਪਣੀਆਂ ਸ਼ੈਲਫਾਂ ਤੋਂ ਹਟਾਏਗਾ ਅਮਰੀਕੀ ਸ਼ਰਾਬ



ਓਂਟਾਰੀਓ, 3 ਫਰਵਰੀ (ਪੋਸਟ ਬਿਊਰੋ): ਅਮਰੀਕਾ ਤੇ ਕੈਨੇਡਾ ਵਿਚ ਚੱਲ ਰਹੇ ਵਪਾਰ ਯੁੱਧ ਦੇ ਹਿੱਸੇ ਵਜੋਂ ਓਨਟਾਰੀਓ ਦੇ ਸ਼ਰਾਬ ਸਟੋਰਾਂ ਵਿੱਚ ਵੱਡੇ ਬਦਲਾਅ ਆ ਰਹੇ ਹਨ। ਲਿਕਰ ਬੋਰਡ ਆਫ ਓਨਟਾਰੀਓ (ਐੱਲ.ਸੀ.ਬੀ.ਓ.) ਨੇ ਪੁਸ਼ਟੀ ਕੀਤੀ ਹੈ ਕਿ ਉਹ ਮੰਗਲਵਾਰ ਤੋਂ ਆਪਣੀਆਂ ਸ਼ੈਲਫਾਂ ਤੋਂ ਸਾਰੀਆਂ ਅਮਰੀਕੀ ਸ਼ਰਾਬ ਹਟਾ ਦੇਵੇਗਾ। ਜਾਣਕਾਰੀ ਅਨੁਸਾਰ ਕਰਾਊਨ ਏਜੰਸੀ ਸਾਲਾਨਾ 965 ਮਿਲੀਅਨ ਡਾਲਰ ਤੱਕ ਦੀ ਅਮਰੀਕੀ ਸ਼ਰਾਬ ਵੇਚਦੀ ਹੈ, ਜਿਸ ਵਿੱਚ ਅਮਰੀਕਾ ਤੋਂ 3600 ਤੋਂ ਵੱਧ ਸ਼ਰਾਬ ਦੇ ਉਤਪਾਦ ਹਨ।

ਐੱਲ.ਸੀ.ਬੀ.ਓ. ਵਲੋਂ ਕਿਹਾ ਗਿਆ ਕਿ ਕੈਨੇਡੀਅਨ ਸਾਮਾਨ 'ਤੇ ਲਾਏ ਗਏ ਅਮਰੀਕੀ ਟੈਰਿਫਾਂ ਪ੍ਰਤੀ ਓਨਟਾਰੀਓ ਦੀ ਜਵਾਬੀ ਰਣਨੀਤੀ ਦੇ ਹਿੱਸੇ ਵਜੋਂ ਇਹ ਕਾਰਵਾਈ ਕੀਤੀ ਜਾ ਰਹੀ ਹੈ। ਅਮਰੀਕੀ ਸ਼ਰਾਬ ਉਤਪਾਦਾਂ ਦੀ ਸਾਰੀ ਵਿਕਰੀ ਨੂੰ 4 ਫਰਵਰੀ ਤੋਂ ਅਣਮਿੱਥੇ ਸਮੇਂ ਲਈ ਬੰਦ ਕਰਨ ਅਤੇ ਰੈਸਟੋਰੈਂਟਾਂ, ਬਾਰਾਂ, ਕਰਿਆਨੇ ਅਤੇ ਹੋਰ ਪ੍ਰਚੂਨ ਵਿਕਰੇਤਾਵਾਂ ਨੂੰ ਅਮਰੀਕੀ ਉਤਪਾਦਾਂ ਦੀ ਥੋਕ ਵਿਕਰੀ ਬੰਦ ਕਰਨ ਲਈ ਕਿਹਾ ਗਿਆ ਹੈ। ਇਸ ਕਦਮ ਦਾ ਰੈਸਟੋਰੈਂਟਾਂ, ਬਾਰਾਂ ਅਤੇ ਬਰੂਅਰੀਜ਼ 'ਤੇ ਅਸਰ ਪਵੇਗਾ।

ਇਸ ਸਬੰਧੀ ਓਟਾਵਾ ਬਰੂਅਰੀ ਦੇ ਸਹਿ ਮਾਲਕ ਸ਼ੇਨ ਕਲਾਰਕ ਨੇ ਕਿਹਾ ਕਿ ਉਹ ਨਿੱਜੀ ਤੌਰ 'ਤੇ ਬੌਰਬਨ ਬਾਰੇ ਸਭ ਤੋਂ ਵੱਧ ਚਿੰਤਤ ਸਨ ਅਤੇ ਜਦੋਂ ਉਨ੍ਹਾਂ ਨੇ ਸਰਕਾਰ ਦੇ ਇਸ ਫ਼ੈਸਲੇ ਬਾਰੇ ਸੁਣਿਆ ਤਾਂ ਥੋੜ੍ਹਾ ਜਿਹਾ ਸਟਾਕ ਕਰ ਲਿਆ ਕਿਉਂਕਿ ਇਹ ਉਨ੍ਹਾਂ ਉਤਪਾਦਾਂ ਵਿੱਚੋਂ ਇੱਕ ਹੈ ਜੋ ਸਿਰਫ਼ ਅਮਰੀਕਾ ਵਿਚ ਹੀ ਬਣਦੇ ਹਨ। ਉਨ੍ਹਾਂ ਕਿਹਾ ਕਿ ਉਮੀਦ ਹੈ ਕਿ ਇਸ ਕਦਮ ਦਾ ਮਤਲਬ ਹੈ ਕਿ ਹੋਰ ਲੋਕ ਸਥਾਨਕ ਉਤਪਾਦ ਦਾ ਸਮਰਥਨ ਕਰਨਗੇ।

ਇਸ ਦੌਰਾਨ, ਓਨਟਾਰੀਓ ਰੈਸਟੋਰੈਂਟ, ਹੋਟਲ ਅਤੇ ਮੋਟਲ ਐਸੋਸੀਏਸ਼ਨ ਨੇ ਅਮਰੀਕੀ ਸ਼ਰਾਬ ਨੂੰ ਹਟਾਉਣ ਲਈ ਆਪਣਾ ਪੂਰਾ ਸਮਰਥਨ ਪ੍ਰਗਟ ਕੀਤਾ ਹੈ। ਉਨ੍ਹਾਂ ਕਿਹਾ ਕਿ ਸੂਬੇ ਦੇ ਅੰਦਰ ਬਹੁਤ ਸਾਰੇ ਵਿਕਲਪਕ ਉਤਪਾਦ ਉਪਲਬਧ ਹਨ, ਜਿਸ ਨਾਲ ਕਿ ਲੋਕਲ ਉਤਪਾਦ ਨੂੰ ਹੁਲਾਰਾ ਮਿਲੇਗਾ।

# ਇਜ਼ਰਾਈਲ ਨੇ ਕੀਤਾ ਦਾਅਵਾ- ਵੈਸਟ ਬੈਂਕ ਵਿੱਚ 50 ਫਲਸਤੀਨੀ ਅੱਤਵਾਦੀ ਮਾਰੇ, 100 ਤੋਂ ਵੱਧ ਗ੍ਰਿਫ਼ਤਾਰ



ਤਲਅਵੀਵ, 3 ਫਰਵਰੀ (ਪੋਸਟ ਬਿਊਰੋ): ਇਜ਼ਰਾਈਲ ਡਿਫੈਂਸ ਫੋਰਸਿਜ਼ (ਆਈਡੀਐੱਫ) ਨੇ ਐਤਵਾਰ ਨੂੰ ਦਾਅਵਾ ਕੀਤਾ ਕਿ ਉਸਨੇ ਪਿਛਲੇ ਦੋ ਹਫ਼ਤਿਆਂ ਵਿੱਚ ਵੈਸਟ ਬੈਂਕ (ਫਲਸਤੀਨ) ਵਿੱਚ ਫੌਜੀ ਕਾਰਵਾਈਆਂ ਦੌਰਾਨ 50 ਤੋਂ ਵੱਧ ਫਲਸਤੀਨੀ ਅੱਤਵਾਦੀਆਂ ਨੂੰ ਮਾਰ ਦਿੱਤਾ ਹੈ।

ਟਾਈਮਜ਼ ਆਫ਼ ਇਜ਼ਰਾਈਲ ਦੀ ਰਿਪੋਰਟ ਅਨੁਸਾਰ, ਆਈਡੀਐੱਫ ਨੇ ਜੇਨਿਨ, ਤੁਲਕਾਰੇਮ ਅਤੇ ਤਾਮੂਨ ਖੇਤਰਾਂ ਵਿੱਚ ਇਨ੍ਹਾਂ ਵਿੱਚੋਂ 35 ਅੱਤਵਾਦੀਆਂ ਨੂੰ ਮਾਰ ਦਿੱਤਾ ਹੈ, ਜਦੋਂਕਿ 15 ਡਰੋਨ ਹਮਲਿਆਂ ਵਿੱਚ ਮਾਰੇ ਗਏ ਹਨ।

ਆਮ ਨਾਗਰਿਕ ਵੀ ਇਨ੍ਹਾਂ ਆਈਡੀਐੱਫ ਹਮਲਿਆਂ ਦਾ ਸ਼ਿਕਾਰ ਹੋਏ ਹਨ। ਇਨ੍ਹਾਂ ਵਿੱਚ ਇੱਕ ਬੱਚਾ ਵੀ ਸ਼ਾਮਿਲ ਹੈ। ਆਈਡੀਐੱਫ ਨੇ ਵੀ ਆਪਣੀ ਗਲਤੀ ਮੰਨ ਲਈ ਹੈ। ਇਜ਼ਰਾਈਲ ਨੇ 100 ਤੋਂ ਵੱਧ ਫਲਸਤੀਨੀ ਅੱਤਵਾਦੀਆਂ ਨੂੰ ਗ੍ਰਿਫ਼ਤਾਰ ਕੀਤਾ ਹੈ। 40 ਹਜ਼ਾਰ ਤੋਂ ਵੱਧ ਹਥਿਆਰ ਬਰਾਮਦ ਕੀਤੇ ਗਏ। 80 ਤੋਂ ਵੱਧ ਵਿਸਫੋਟਕਾਂ ਨੂੰ ਨਕਾਰਾ ਕੀਤਾ ਗਿਆ ਹੈ।

ਇਜ਼ਰਾਈਲ ਨੇ ਇਸਨੂੰ ਆਪਰੇਸ਼ਨ ਆਇਰਨ ਵਾਲ ਦਾ ਨਾਮ ਦਿੱਤਾ ਹੈ। ਇਹ 21 ਜਨਵਰੀ ਨੂੰ ਲਾਂਚ ਕੀਤਾ ਗਿਆ ਸੀ ਅਤੇ ਅਗਲੇ ਕਈ ਹਫ਼ਤਿਆਂ ਤੱਕ ਜਾਰੀ ਰਹੇਗਾ।

ਇਜ਼ਰਾਈਲ ਦੇ ਪ੍ਰਧਾਨ ਮੰਤਰੀ ਬੈਂਜਾਮਿਨ ਨੇਤਨਯਾਹੂ ਐਤਵਾਰ ਨੂੰ ਅਮਰੀਕਾ ਲਈ ਰਵਾਨਾ ਹੋ ਗਏ। ਇਸ ਤੋਂ ਪਹਿਲਾਂ ਉਨ੍ਹਾਂ ਨੇ ਮੀਡੀਆ ਨਾਲ ਗੱਲਬਾਤ ਕੀਤੀ। ਇਸ ਦੌਰੇ ਨੂੰ ਮਹੱਤਵਪੂਰਨ ਦੱਸਦਿਆਂ ਉਨ੍ਹਾਂ ਕਿਹਾ ਕਿ ਅਸੀਂ ਮੱਧ ਪੂਰਬ ਦਾ ਨਕਸ਼ਾ ਫਿਰ ਬਦਲ ਸਕਦੇ ਹਾਂ। ਅਸੀਂ ਯੁੱਧ ਦੌਰਾਨ ਲਏ ਗਏ ਫੈਸਲਿਆਂ ਨਾਲ ਇੱਥੇ ਤਸਵੀਰ ਪਹਿਲਾਂ ਹੀ ਬਦਲ ਦਿੱਤੀ ਹੈ। ਸਾਡੇ ਸੈਨਿਕਾਂ ਦੀ ਬਹਾਦਰੀ ਅਤੇ ਸਾਡੇ ਫੈਸਲੇ ਇੱਥੇ ਨਕਸ਼ੇ ਨੂੰ ਮੁੜ ਉਭਾਰ ਰਹੇ ਹਨ।

ਨੇਤਨਯਾਹੂ ਨੇ ਐਕਸ 'ਤੇ ਲਿਖਿਆ ਕਿ ਮੈਂ ਵਾਸ਼ਿੰਗਟਨ ਵਿੱਚ ਡੋਨਾਲਡ ਟਰੰਪ ਨਾਲ ਇੱਕ ਬਹੁਤ ਮਹੱਤਵਪੂਰਨ ਮੀਟਿੰਗ ਲਈ ਜਾ ਰਿਹਾ ਹਾਂ। ਇਹ ਰਾਸ਼ਟਰਪਤੀ ਟਰੰਪ ਦੀ ਕਿਸੇ ਵਿਦੇਸ਼ੀ ਨੇਤਾ ਨਾਲ ਪਹਿਲੀ ਮੁਲਾਕਾਤ ਹੋਵੇਗੀ, ਜੋ ਸਾਡੇ ਨਿੱਜੀ ਸਬੰਧਾਂ ਅਤੇ ਇਜ਼ਰਾਈਲ-ਅਮਰੀਕਾ ਗੱਠਜੋੜ ਦੀ ਮਜ਼ਬੂਤੀ ਨੂੰ ਦਰਸਾਉਂਦੀ ਹੈ।


MagGas Medical Brampton
MGM
MAGGAS MEDICAL INC.
Helping you breathe deep and rest easy.
• CPAP ਮਸ਼ੀਨਾਂ, ਮਾਸਕ ਅਤੇ ਸਪਲਾਈ
• ਮੁਫ਼ਤ ਸਲਾਹ
• ਓਨਟਾਰੀਓ ਡਿਸਏਬਿਲਟੀ ਸਪੋਰਟ ਪ੍ਰੋਗਰਾਮ ਲਈ
• ਓਨਟਾਰੀਓ ਵਰਕਸ ਲਈ ਮੁਫ਼ਤ
• ਮੁਫ਼ਤ ਡਿਲੀਵਰੀ
(647) 954-9885
20 Maritime Ont Blvd Unit 15
Brampton, ON L6S 0C2

TAX & ACCOUNTING
TAX | HST REBATE | ADVISORY |
ACCOUNTING | INCORPORATION |
BUSINESS LOAN | PERSONAL TAX
Harcharan S. Grover
Chartered Accountant
ਸਾਨੂੰ ਕਾਲ ਕਰੋ ਤੇ ਆਪਣਾ ਟੈਕਸ ਬਚਾਓ
Call for Professional Advice
905.247.0193
info@grovercpa.ca
GroverCPA Professional Corporation
214-7895 Tranmere Drive, Mississauga ON L5S 1V9

Royal Pest Control
Residential Commercial Industrial
Specialist in Bedbugs Service
All Pest Control :
• Mouse & Rats • Spiders & Fleas • Bedbugs • Wasps
• Cockroaches • Carpenter Ants • Silver Fish • Racoons
Call : PARESH PATEL
416 938 4598

Law Office of Aman Sharma
- Real Estate - Commercial Lease
- Business Purchase & Sale
- Notarizations & Affidavits
- Wills & Power Of Attorney
Fax: 905-913-2344 Tel: 905-913-2355
25 Cherrycrest Drive, Unit # 6
Brampton, ON, L6P 3W4
Aman Sharma
Open Saturday
Providing excellent quality legal services to our clients

ਨਵਾਂ ਘਾਹ ਲਵਾਉ
647-784-1213
www.aaalandscaping.ca
ਪੁਰਾਣਾ ਘਾਹ ਹਟਾਉ ਅਤੇ ਨਵਾਂ ਲਵਾਉ
ਏਰੀਆ ਨੂੰ ਲੇਵਲ ਕਰਨਾ ਅਤੇ ਮਿੱਟੀ ਰਲਾਉਣੀ
ਨਵਾਂ ਘਾਹ ਲਵਾਉ
ਆਪਣੇ ਨਵੇਂ ਅਤੇ ਸੋਹਣੇ ਘਾਹ ਨੂੰ ਦੇਖੋ

Canada Consumer Credit Assistance ਕਰਜ਼ਾ ਰਹਿਤ ਜ਼ਿੰਦਗੀ ਜੀਓ
• ਪਾਵਰ ਆਫ ਸੇਲ ਨੋਟਿਸ ?
• ਗਾਰਨਿਸ਼ਮੈਂਟ?
• ਬੈਂਕ ਵਲੋਂ ਪੈਸੇ ਦੀ ਮੰਗ ?
• ਰੈਵਨਿਊ ਕੈਨੇਡਾ ਵਲੋਂ ਟੈਕਸ ਦੀ ਮੰਗ ?
ਕੁਲੈਕਸ਼ਨ ਕਾਲਾਂ, ਬੈਂਕ ਕਰਪਸੀ ਅਤੇ ਕਰਜ਼ੇ ਤੋਂ ਪੱਕਾ ਛੁਟਕਾਰਾ ਪਾ ਕੇ ਆਪਣਾ ਕਰੈਡਿਟ ਦੁਬਾਰਾ ਬਨਾਉਣ ਲਈ
ਹੁਣੇ ਹੀ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ, ਬਹੁਤ ਆਸਾਨ ਕਿਸ਼ਤਾਂ ਬਿਨਾ ਵਿਆਜ ਤੋਂ
ਕਰਜ਼ੇ ਦੀ ਸਿਰਦਰਦੀ ?
ਮੁਫਤ ਅਤੇ ਗੁਪਤ ਸਲਾਹ ਲਈ ਅੱਜ ਹੀ ਜਸਬੀਰ ਹੁੰਦਲ ਨੂੰ ਕਾਲ ਕਰੋ
Late Evening and Weekends Appointments Available
1888 864 3131
Jasbir Singh Hundal
Qualified Credit Counsellor
www.MakeMeDebtFree.ca
416-502-3100
Unit #20 - 7015 Tranmere Drive Mississauga, ON L5S 1T7

ਆਓ ਸੱਤ ਸਮੁੰਦਰੋਂ ਪਾਰ ਵਾਲਿਆਂ ਦਾ ਵੀ ਸੋਚੀਏ
Super Visa
■ How your spouse can join you within 4-6 months
■ How your parents can join you
■ How students & skilled people can come to Canada
■ How international Students & Foreign workers can get their immigration
We do appeal for Refusal cases also
Sponsor Your Family
MacroGlobal Immigration Services Ltd.
Seema Bhayana
ICCRC
Ph: 905 452 0000, 905 452 9999
180 Wilkinson Road, Unit 18 Brampton, ON L6T 4M3
Fax: 905 452 9996 Email: macroglobal@rogers.com
www.macroimmigration.com

SherGill Law Firm
Barrister, Solicitor & Notary Public
Services:
* Real Estate
* Residential, Commercial & Franchise
* Criminal Law
* Family Law
* Affidavit, Power Of Attorney & Notarization
* Immigration Matters
Paramjit Singh Gill
(MBA,LL.B.)
Tel: 905-790-3636
2565 Steeles Ave E Unit #20, Brampton, ON L6T 4L6
Emergency Contact:
416.910.5676
www.shergilllawfirm.ca

## ਸੀਰੀਆ ਦੇ ਰਾਸ਼ਟਰਪਤੀ ਸਾਊਦੀ ਅਰਬ ਪਹੁੰਚੇ, ਪ੍ਰਿੰਸ ਸਲਮਾਨ ਵੱਲੋਂ ਸਵਾਗਤ



ਰਿਆਧ, 3 ਫਰਵਰੀ (ਪੋਸਟ ਬਿਊਰੋ): ਸੀਰੀਆ ਦੇ ਅੰਤਰਿਮ ਰਾਸ਼ਟਰਪਤੀ ਅਬੂ ਮੁਹੰਮਦ ਅਲ-ਜੌਲਾਨੀ, ਜਿਨ੍ਹਾਂ ਨੂੰ ਅਹਿਮਦ ਅਲ-ਸ਼ਾਰਾ ਵੀ ਕਿਹਾ ਜਾਂਦਾ ਹੈ, ਐਤਵਾਰ ਨੂੰ ਆਪਣੀ ਪਹਿਲੀ ਵਿਦੇਸ਼ੀ ਯਾਤਰਾ 'ਤੇ ਸਾਊਦੀ ਅਰਬ ਪਹੁੰਚੇ। ਸੀਰੀਆ ਦੀ ਨਿਊਜ਼ ਏਜੰਸੀ ਅਨੁਸਾਰ, ਇਸ ਦੌਰਾਨ ਸੀਰੀਆ ਦੇ ਵਿਦੇਸ਼ ਮੰਤਰੀ ਅਸਦ ਅਲ-ਸ਼ੈਬਾਨੀ ਵੀ ਉਨ੍ਹਾਂ ਨਾਲ ਮੌਜੂਦ ਸਨ। ਜੁਲਾਨੀ ਨੇ ਕੁਝ ਮਹੀਨੇ ਪਹਿਲਾਂ ਬਸ਼ਰ ਅਲ-ਅਸਦ ਨੂੰ ਗੱਦੀਓਂ ਲਾਹ ਦਿੱਤਾ ਸੀ ਅਤੇ ਆਪਣੇ ਆਪ ਨੂੰ ਰਾਸ਼ਟਰਪਤੀ ਐਲਾਨ ਦਿੱਤਾ ਸੀ।

ਸਾਊਦੀ ਅਰਬ ਦੀ ਰਾਜਧਾਨੀ ਰਿਆਧ ਦੇ ਅਲ-ਯਾਮਾਮਾਹ ਪੈਲੇਸ ਵਿਖੇ ਸਾਊਦੀ ਕ੍ਰਾਊਨ ਪ੍ਰਿੰਸ ਮੁਹੰਮਦ ਬਿਨ ਸਲਮਾਨ ਨੇ ਸੀਰੀਆ ਦੇ ਰਾਸ਼ਟਰਪਤੀ ਦਾ ਸਵਾਗਤ ਕੀਤਾ। ਹੁਣ ਤੱਕ ਦੋਨਾਂ ਦੇਸ਼ਾਂ ਵੱਲੋਂ ਇਸ ਮੁਲਾਕਾਤ ਦੀ ਵਿਸਥਾਰਿਤ ਜਾਣਕਾਰੀ ਨਹੀਂ ਦਿੱਤੀ ਗਈ ਹੈ।

ਇਸ ਤੋਂ ਪਹਿਲਾਂ, ਸਾਊਦੀ ਵਿਦੇਸ਼ ਮੰਤਰੀ ਪ੍ਰਿੰਸ ਫੈਸਲ ਬਿਨ ਫਰਹਾਨ ਨੇ ਜਨਵਰੀ ਵਿੱਚ ਸੀਰੀਆ ਦੀ ਰਾਜਧਾਨੀ ਦਮਿਸ਼ਕ ਦਾ ਦੌਰਾ ਕੀਤਾ ਸੀ। ਇਸ ਦੌਰਾਨ ਉਨ੍ਹਾਂ ਕਿਹਾ ਸੀ ਕਿ ਅਸੀਂ ਸੀਰੀਆ 'ਤੇ ਲਗਾਈਆਂ ਗਈਆਂ ਪਾਬੰਦੀਆਂ ਨੂੰ ਹਟਾਉਣ ਲਈ ਗੱਲਬਾਤ ਕਰ ਰਹੇ ਹਾਂ।

## ਭਾਰਤੀ-ਅਮਰੀਕੀ ਸੰਗੀਤਕਾਰ ਅਤੇ ਉੱਦਮੀ ਚੰਦਰਿਕਾ ਟੰਡਨ ਨੇ ਗ੍ਰੈਮੀ ਪੁਰਸਕਾਰ ਜਿੱਤਿਆ

ਨਵੀਂ ਦਿੱਲੀ, 3 ਫਰਵਰੀ (ਪੋਸਟ ਬਿਊਰੋ): ਭਾਰਤੀ-ਅਮਰੀਕੀ ਗਾਇਕਾ ਅਤੇ ਉੱਦਮੀ ਚੰਦਰਿਕਾ ਟੰਡਨ ਨੇ ਐਲਬਮ 'ਤ੍ਰਿਵੇਣੀ' ਲਈ 'ਬੈਸਟ ਨਿਊ ਏਜ, ਐਂਬੀਐਂਟ ਜਾਂ ਚੈਂਟ ਐਲਬਮ' ਸ਼੍ਰੇਣੀ ਵਿੱਚ ਗ੍ਰੈਮੀ ਪੁਰਸਕਾਰ ਜਿੱਤਿਆ।

ਪੈਪਸੀਕੋ ਦੀ ਸਾਬਕਾ ਸੀਈਓ ਇੰਦਰਾ ਨੂਈ ਦੀ ਵੱਡੀ ਭੈਣ ਟੰਡਨ ਨੇ ਆਪਣੇ ਸਾਥੀਆਂ ਦੱਖਣੀ ਅਫ਼ਰੀਕੀ ਬੰਸਰੀਵਾਦਕ ਵਾਊਟਰ ਕੈਲਰਮੈਨਸ ਅਤੇ ਜਾਪਾਨੀ ਸੈਲਿਸਟ ਏਰੂ ਮਾਤ-ਸੁਮੋਟੋ ਨਾਲ ਇਹ ਪੁਰਸਕਾਰ ਜਿੱਤਿਆ।

ਰਿਕਾਰਡਿੰਗ ਅਕੈਡਮੀ ਦੁਆਰਾ ਆਯੋਜਿਤ ਸਭ ਤੋਂ ਵੱਡੇ ਸੰਗੀਤ ਪੁਰਸਕਾਰ ਸਮਾਰੋਹ ਦਾ 67ਵਾਂ ਐਡੀਸ਼ਨ ਐਤਵਾਰ ਨੂੰ ਲਾਸ ਏਂਜਲਸ ਦੇ ਕ੍ਰਿਪਟੋਡੌਟਕਾਮ ਅਰੇਨਾ ਵਿਖੇ ਆਯੋਜਿਤ ਕੀਤਾ ਗਿਆ।

ਬਿਓਂਸੇ, ਸਬਰੀਨਾ ਕਾਰਪੇਂਟਰ, ਚਾਰਲੀ ਐਕਸਸੀਐਕਸ ਅਤੇ ਕੇਂਡ੍ਰਿਕ ਲਾਮਰ ਸਮੇਤ ਕਈ ਹੋਰ ਕਲਾਕਾਰਾਂ ਨੇ ਵੱਖ-ਵੱਖ ਸ਼੍ਰੇਣੀਆਂ ਵਿੱਚ ਪੁਰਸਕਾਰ ਜਿੱਤੇ।




ਬਿਓਂਸੇ ਨੂੰ 'ਕਾਉਬੌਏ ਕਾਰਟਰ' ਲਈ ਸਰਵੋਤਮ ਕੰਟਰੀ ਐਲਬਮ ਦਾ ਪੁਰਸਕਾਰ ਮਿਲਿਆ। ਇਸ ਵਾਰ ਉਸ ਨੂੰ ਗ੍ਰੈਮੀ ਵਿੱਚ 11 ਨਾਮਜ਼ਦਗੀਆਂ ਮਿਲੀਆਂ। ਉਸ ਨੂੰ ਆਪਣੇ ਕਰੀਅਰ ਵਿੱਚ ਵੱਖ-ਵੱਖ ਸ਼੍ਰੇਣੀਆਂ ਵਿੱਚ ਕੁੱਲ 99 ਵਾਰ ਗ੍ਰੈਮੀ ਲਈ ਨਾਮਜ਼ਦ ਕੀਤਾ ਗਿਆ ਹੈ। ਉਹ ਗ੍ਰੈਮੀ ਇਤਿਹਾਸ ਵਿੱਚ ਸਭ ਤੋਂ ਵੱਧ ਨਾਮਜ਼ਦ ਕਲਾਕਾਰ ਬਣ ਗਈ ਹੈ।

ਕਾਰਪੇਂਟਰ ਨੇ 'ਐਸਪ੍ਰੇਸੋ' ਲਈ ਸਰਵੋਤਮ ਪੌਪ ਸੋਲੋ ਪ੍ਰਦਰਸ਼ਨ ਸ਼੍ਰੇਣੀ ਵਿੱਚ ਕਈ ਪੁਰਸਕਾਰ ਜਿੱਤੇ ਅਤੇ ਕੇਂਡ੍ਰਿਕ ਲਾਮਰ ਨੇ 'ਨੌਟ ਲਾਈਕ ਅਸ' ਲਈ ਕਈ ਪੁਰਸਕਾਰ ਜਿੱਤੇ। ਬੀਟਲਜ਼ ਨੇ 'ਨਾਓ ਐਂਡ ਦੈਨ' ਲਈ ਸਰਵੋਤਮ ਰੌਕ ਪ੍ਰਦਰਸ਼ਨ ਦੀ ਸ਼੍ਰੇਣੀ ਵਿੱਚ ਪੁਰਸਕਾਰ ਜਿੱਤਿਆ।

ਅਮਰੀਕੀ ਰੈਪਰ ਡੂਚੀ ਨੇ ਆਪਣਾ ਪਹਿਲਾ ਗ੍ਰੈਮੀ ਜਿੱਤਿਆ, ਜਿਸ ਨਾਲ ਉਹ ਸਰਵੋਤਮ ਰੈਪ ਐਲਬਮ ਪੁਰਸਕਾਰ ਜਿੱਤਣ ਵਾਲੀ ਤੀਜੀ ਔਰਤ ਬਣ ਗਈ। ਚੈਪਲ ਰੋਨ ਨੇ ਸਾਲ ਦਾ ਨਵਾਂ ਕਲਾਕਾਰ ਜਿੱਤਿਆ।

ਪੁਰਸਕਾਰ ਸਵੀਕਾਰ ਕਰਦੇ ਸਮੇਂ ਆਪਣੇ ਭਾਸ਼ਣ ਵਿੱਚ, ਟੰਡਨ ਨੇ ਕਿਹਾ, "ਸੰਗੀਤ ਪਿਆਰ ਹੈ, ਸੰਗੀਤ ਉਮੀਦ ਹੈ ਅਤੇ ਸੰਗੀਤ ਹਾਸਾ ਹੈ ਅਤੇ ਆਓ ਆਪਾਂ ਸਾਰੇ ਪਿਆਰ, ਰੌਸ਼ਨੀ ਅਤੇ ਹਾਸੇ ਨਾਲ ਘਿਰੇ ਰਹੀਏ।" ਸੰਗੀਤ ਲਈ ਧਨਵਾਦ ਅਤੇ ਸੰਗੀਤ ਬਣਾਉਣ ਵਾਲੇ ਸਾਰੇ ਲੋਕਾਂ ਦਾ ਧਨਵਾਦ।"ਇਹ ਟੰਡਨ ਦਾ ਪਹਿਲਾ ਗ੍ਰੈਮੀ ਪੁਰਸਕਾਰ ਹੈ। ਇਸ ਤੋਂ ਪਹਿਲਾਂ, ਟੰਡਨ ਨੂੰ 2009 ਵਿੱਚ 'ਸੋਲ ਕਾਲ' ਲਈ ਗ੍ਰੈਮੀ ਪੁਰਸਕਾਰ ਲਈ ਨਾਮਜ਼ਦ ਕੀਤਾ ਗਿਆ ਸੀ।

ਇਸ ਤੋਂ ਇਲਾਵਾ, ਸਾਬਕਾ ਅਮਰੀਕੀ ਰਾਸ਼ਟਰਪਤੀ ਜ਼ਿੰਮੀ ਕਾਰਟਰ ਨੂੰ ਮਰਨ ਉਪਰੰਤ ਗ੍ਰੈਮੀ ਪੁਰਸਕਾਰ ਦਿੱਤਾ ਗਿਆ ਸੀ। ਨੋਬਲ ਸ਼ਾਂਤੀ ਪੁਰਸਕਾਰ ਜੇਤੂ ਅਤੇ ਸੰਯੁਕਤ ਰਾਜ ਅਮਰੀਕਾ ਦੇ 39ਵੇਂ ਰਾਸ਼ਟਰਪਤੀ ਜ਼ਿੰਮੀ ਕਾਰਟਰ ਦਾ 29 ਦਸੰਬਰ 2024 ਨੂੰ ਦਿਹਾਂਤ ਹੋ ਗਿਆ। ਉਹ 100 ਸਾਲ ਦੇ ਸਨ।

ਕਾਰਟਰ ਨੂੰ ਉਨ੍ਹਾਂ ਦੇ ਦਿਹਾਂਤ ਤੋਂ ਪਹਿਲਾਂ 2025 ਵਿਚ ਗ੍ਰੈਮੀ ਪੁਰਸਕਾਰ ਵਿਚ 'ਆਡੀਓ ਬੁੱਕ, ਨੈਰੇਸ਼ਨ ਅਤੇ ਸਟੋਰੀਟੇਲਿੰਗ ਰਿਕਾਰਡਿੰਗ' ਸ਼੍ਰੇਣੀ ਵਿਚ 'ਲਾਸਟ ਸੰਡੇ ਇਨ ਦ ਪਲੇਨਜ਼: ਏ ਸੈਂਟੇਨੀਅਲ ਸੈਲੀਬ੍ਰੇਸ਼ਨ' ਦੇ ਲਈ ਨਾਮਜ਼ਦ ਕੀਤਾ ਗਿਆ ਸੀ। ਇਸ ਰਿਕਾਰਡਿੰਗ ਵਿਚ ਸੰਗੀਤਕਾਰ ਡੇਰੀਅਸ ਰੂਕਰ, ਲੀ ਐਨ ਰਾਈਮਜ਼ ਅਤੇ ਜੌਨ ਬੈਟਿਸਟ ਵੀ ਸ਼ਾਮਲ ਸਨ।

## ਲੋਕ ਸਭਾ ਵਿੱਚ ਵੀ ਮਹਾਂਕੁੰਭ ਭਗਦੜ ਨੂੰ ਲੈ ਕੇ ਹੋਇਆ ਹੰਗਾਮਾ

ਨਵੀਂ ਦਿੱਲੀ, 3 ਫਰਵਰੀ (ਪੋਸਟ ਬਿਊਰੋ): ਪ੍ਰਯਾਗਰਾਜ ਵਿਚ ਮਹਾਂਕੁੰਭ ਦੌਰਾਨ ਮਚੀ ਭਗਦੜ ਦੇ ਮੁੱਦੇ ’ਤੇ ਵਿਰੋਧੀ ਧਿਰਾਂ ਵੱਲੋਂ ਚਰਚਾ ਦੀ ਮੰਗ ਨੂੰ ਲੈ ਕੇ ਲੋਕ ਸਭਾ ਵਿਚ ਵੀ ਹੰਗਾਮਾ ਦੇਖਣ ਨੂੰ ਮਿਲਿਆ। ਰੌਲੇ-ਰੱਪੇ ਦਰਮਿਆਨ ਹੀ ਸਦਨ ਨੇ 18 ਸਵਾਲ ਲਏ ਜਿਨ੍ਹਾਂ ਦੇ ਮੰਤਰੀਆਂ ਵੱਲੋਂ ਸੰਖੇਪ ਵਿਚ ਜਵਾਬ ਦਿੱਤੇ ਗਏ। ਆਮ ਕਰਕੇ ਪ੍ਰਸ਼ਨ ਕਾਲ ਦੌਰਾਨ 20 ਸਵਾਲ ਸੂਚੀਬੱਧ ਕੀਤੇ ਜਾਂਦੇ ਹਨ, ਜਿਨ੍ਹਾਂ ਦਾ ਮੰਤਰੀਆਂ ਵੱਲੋਂ ਜ਼ੁਬਾਨੀ ਕਲਾਮੀ ਜਵਾਬ ਦਿੱਤਾ ਜਾਂਦਾ ਹੈ।

ਰਾਸ਼ਟਰਪਤੀ ਵੱਲੋਂ ਦੋਨਾਂ ਸਦਨਾਂ ਦੇ ਸਾਂਝੇ ਸੰਬੋਧਨ ਤੇ ਕੇਂਦਰੀ ਬਜਟ ਦੀ ਪੇਸ਼ਕਾਰੀ ਮਗਰੋਂ ਲੋਕ ਸਭਾ ਅੱਜ ਪਹਿਲੀ ਵਾਰ ਜੁੜੀ ਤਾਂ ਕਾਂਗਰਸ ਦੀ ਅਗਵਾਈ ਵਿਚ ਵਿਰੋਧੀ ਧਿਰਾਂ ਦੇ ਮੈਂਬਰਾਂ ਨੇ ਮਹਾਂਕੁੰਭ ਦੁਖਾਂਤ ’ਤੇ ਚਰਚਾ ਦੀ ਮੰਗ ਕੀਤੀ। ਵਿਰੋਧੀ ਧਿਰਾਂ ਦੇ ਮੈਂਬਰ ਸਦਨ ਦੇ ਵਿਚਾਲੇ ਆ ਗਏ ਤੇ ਉਨ੍ਹਾਂ ਨਾਅਰੇਬਾਜ਼ੀ ਕੀਤੀ। ਲੋਕ ਸਭਾ ਵਿਚ ਕਾਂਗਰਸ ਦੇ ਡਿਪਟੀ ਆਗੂ ਗੌਰਵ ਗੋਗੋਈ ਤੇ ਕਾਂਗਰਸ ਦੇ ਜਨਰਲ ਸਕੱਤਰ ਕੇਸੀ ਵੇਣੂਗੋਪਾਲ ਦੀ ਅਗਵਾਈ ਵਿਚ ਵਿਰੋਧੀ ਧਿਰਾਂ ਨੇ ਪ੍ਰਸ਼ਨ ਕਾਲ ਦੀ ਕਾਰਵਾਈ ਮੁਅੱਤਲ ਕਰਕੇ ਮਹਾਂਕੁੰਭ ਭਗਦੜ ਦੇ ਮੁੱਦੇ ’ਤੇ ਚਰਚਾ ਦੀ ਮੰਗ ਕੀਤੀ। ਵਿਰੋਧੀ ਧਿਰਾਂ ਨੇ ‘ਸਨਾਤਨ ਵਿਰੋਧੀ ਸਰਕਾਰ ਅਸਤੀਫ਼ਾ ਦੋ’ ਦੇ ਨਾਅਰੇ ਲਾਏ। ਸਪੀਕਰ ਓਮ ਬਿਰਲਾ ਨੇ ਮੈਂਬਰਾਂ ਵੱਲੋਂ ਰੋਸ ਵਜੋਂ ਮੇਜ਼ ਨੂੰ ਥਪਥਪਾਉਣ ਦਾ ਵਿਰੋਧ ਕੀਤਾ। ਬਿਰਲਾ ਨੇ ਕਿਹਾ ਕਿ ਲੋਕਾਂ ਨੇ ਉਨ੍ਹਾਂ ਨੂੰ ਆਪਣੇ ਨੁਮਾਇੰਦੇ ਵਜੋਂ ਸਵਾਲ ਪੁੱਛਣ ਲਈ ਭੇਜਿਆ ਹੈ, ਟੇਬਲਾਂ ਨੂੰ ਨੁਕਸਾਨ ਪਹੁੰਚਾਉਣ ਲਈ ਨਹੀਂ। ਸੰਸਦੀ ਮਾਮਲਿਆਂ ਬਾਰੇ ਮੰਤਰੀ ਕਿਰਨ ਰਿਜਿਜੂ ਨੇ ਵੀ ਵਿਰੋਧੀ ਧਿਰਾਂ ਵੱਲੋਂ ਕੀਤੇ ਪ੍ਰਦਰਸ਼ਨ ਦੀ ਨਿਖੇਧੀ ਕੀਤੀ। ਉਨ੍ਹਾਂ ਆਸ ਜਤਾਈ ਕਿ ਪ੍ਰਸ਼ਨ ਕਾਲ ਅਮਨ ਅਮਾਨ ਨਾਲ ਚੱਲੇਗਾ। ਉਧਰ ਵਿਰੋਧੀ ਧਿਰਾਂ ਨੇ ਮੰਗ ਕੀਤੀ ਕਿ ਭਗਦੜ ਵਿਚ ਮੌਤ ਦੇ ਮੂੰਹ ਪਏ ਲੋਕਾਂ ਦੀ ਮੁਕੰਮਲ ਸੂਚੀ ਦਿੱਤੀ ਜਾਵੇ। ਇਸ ਉੱਤੇ ਸਪੀਕਰ ਬਿਰਲਾ ਨੇ ਪ੍ਰਦਰਸ਼ਨਕਾਰੀ ਮੈਂਬਰਾਂ ਨੂੰ ਕਿਹਾ ਕਿ ਉਹ ਇਸ ਮੁੱਦੇ ਨੂੰ ਰਾਸ਼ਟਰਪਤੀ ਦੇ ਭਾਸ਼ਣ ’ਤੇ ਪੇਸ਼ ਧੰਨਵਾਦ ਮਤੇ ’ਤੇ ਹੋਣ ਵਾਲੀ ਬਹਿਸ ਦੌਰਾਨ ਰੱਖ ਸਕਦੇ ਹਨ। ਉਨ੍ਹਾਂ ਕਿਹਾ ਕਿ ਰਾਸ਼ਟਰਪਤੀ ਨੇ ਆਪਣੇ ਭਾਸ਼ਣ ਵਿਚ ਮਹਾਂਕੁੰਭ ਦੁਖਾਂਤ ਦਾ ਹਵਾਲਾ ਦਿੱਤਾ ਹੈ। ਤੁਸੀਂ ਵਿਚਾਰ ਚਰਚਾ ਦੌਰਾਨ ਇਸ ਮੁੱਦੇ ਨੂੰ ਰੱਖ ਸਕਦੇ ਹੋ। ਬਿਰਲਾ ਨੇ ਕਿਹਾ ਕਿ ਪ੍ਰਸ਼ਨ ਕਾਲ ਦੀ ਕਾਰਵਾਈ ’ਚ ਅੜਿੱਕਾ ਨਾ ਪਾਇਆ ਜਾਵੇ ਤੇ ਵਿਰੋਧੀ ਧਿਰ ਦੇ ਮੈਂਬਰ ਸਦਨ ਨੂੰ ਸੁਚਾਰੂ ਢੰਗ ਨਾਲ ਚੱਲਣ ਦੇਣ।

PURBA APPRAISALS INC.

WE PROVIDE RESIDENTIAL REAL ESTATE APPRAISAL SERVICES FOR:



- Mortgage Financing
- Tax/Capital Gain
- Divorce/Separation of Assets
- Litigation Support
- Pre-listing Appraisals

Gurpreet Purba
Broker, CRA
416-669-1423
www.purbahomes.com

TechSpirit
Consultation, Installation & Servicing



Specialized in:
• Analog & IP security cameras • Installation & Maintenance, Upgrade • Video Doorbell Installation
Call: 905-621-4100
7-8770 The Gore Road, Brampton, ON L6P 0B1



1080p HD ਦੇ 4 ਸਿਕਉਰਟੀ ਕੈਮਰੇ ਸਿਰਫ $999 ਵਿੱਚ ਲਗਵਾਓ

# ਰਾਜ ਸਭਾ ਦੇ ਸਪੀਕਰ ਜਗਦੀਪ ਧਨਖੜ ਨੇ 267ਵੇਂ ਸੈਸ਼ਨ ਲਈ ਪੈਨਲ ਦਾ ਕੀਤਾ ਐਲਾਨ

## ਵਿਕਰਮਜੀਤ ਸਿੰਘ ਸਾਹਨੀ ਸਮੇਤ 8 ਮੈਂਬਰਾਂ ਨੂੰ ਮਿਲੀ ਥਾਂ



ਨਵੀਂ ਦਿੱਲੀ, 3 ਫਰਵਰੀ (ਪੋਸਟ ਬਿਊਰੋ): ਪੰਜਾਬ ਤੋਂ ਰਾਜ ਸਭਾ ਮੈਂਬਰ ਡਾ. ਵਿਕਰਮਜੀਤ ਸਿੰਘ ਸਾਹਨੀ ਨੂੰ ਰਾਜ ਸਭਾ ਦੇ ਡਿਪਟੀ ਚੇਅਰਮੈਨ ਦੇ ਪੈਨਲ ਲਈ ਨਾਮਜ਼ਦ ਕੀਤਾ ਗਿਆ ਹੈ। ਇਹ ਐਲਾਨ ਉਪ ਰਾਸ਼ਟਰਪਤੀ ਅਤੇ ਰਾਜ ਸਭਾ ਦੇ ਚੇਅਰਮੈਨ ਜਗਦੀਪ ਧਨਖੜ ਨੇ ਬਜਟ ਸੈਸ਼ਨ ਦੇ ਪਹਿਲੇ ਦਿਨ ਕੀਤਾ।

ਇਸ ਵੱਕਾਰੀ ਪੈਨਲ ਦੇ ਮੈਂਬਰ ਵਜੋਂ, ਡਾ. ਸਾਹਨੀ ਚੱਲ ਰਹੇ ਬਜਟ ਸੈਸ਼ਨ ਦੌਰਾਨ ਸਦਨ ਵਿੱਚ ਬਹਿਸਾਂ ਅਤੇ ਵਿਚਾਰ-ਵਟਾਂਦਰੇ ਦੀ ਪ੍ਰਧਾਨਗੀ ਕਰਨਗੇ ਅਤੇ ਸੰਚਾਲਨ ਕਰਨਗੇ। ਉਨ੍ਹਾਂ ਦੀ ਭੂਮਿਕਾ ਰਚਨਾਤਮਕ ਗੱਲਬਾਤ ਨੂੰ ਯਕੀਨੀ ਬਣਾਉਣ, ਸਜਾਵਟ ਬਣਾਈ ਰੱਖਣ ਅਤੇ ਸੰਸਦੀ ਕਾਰਵਾਈਆਂ ਦੀ ਕੁਸ਼ਲਤਾ ਵਧਾਉਣ ਵਿੱਚ ਮਹੱਤਵਪੂਰਨ ਹੋਵੇਗੀ।

ਡਾ. ਸਾਹਨੀ ਨੇ ਕਿਹਾ ਕਿ ਮੈਨੂੰ ਇਹ ਭੂਮਿਕਾ ਸੌਂਪੇ ਜਾਣ 'ਤੇ ਬਹੁਤ ਮਾਣ ਹੈ। ਸੰਸਦ ਮੈਂਬਰ ਬਣਨ ਤੋਂ ਬਾਅਦ, ਮੈਂ ਸਦਨ ਦੇ ਸੁਚਾਰੂ ਕੰਮਕਾਜ ਅਤੇ ਵਧੀ ਹੋਈ ਉਤਪਾਦਕਤਾ ਦੀ ਲਗਾਤਾਰ ਵਕਾਲਤ ਕੀਤੀ ਹੈ। ਹੁਣ, ਉਪ-ਪ੍ਰਧਾਨਾਂ ਦੇ ਪੈਨਲ ਦੇ ਹਿੱਸੇ ਵਜੋਂ, ਮੈਂ ਇਸ ਮਹੱਤਵਪੂਰਨ ਸੈਸ਼ਨ ਵਿੱਚ ਵੱਧ ਤੋਂ ਵੱਧ ਕੁਸ਼ਲਤਾ ਅਤੇ ਅਰਥਪੂਰਨ ਵਿਚਾਰ-ਵਟਾਂਦਰੇ ਨੂੰ ਯਕੀਨੀ ਬਣਾਉਣ ਲਈ ਵਚਨਬੱਧ ਹਾਂ।

# ਮਤਰੇਈ ਮਾਂ ਨੇ ਬੱਚੀ ਦਾ ਕਤਲ ਕਰ ਕੇ ਲਾਸ਼ ਨੂੰ ਸਾੜ ਕੇ ਡੱਬੇ 'ਚ ਲੁਕੋਇਆ, ਮਤਰੇਈ ਮਾਂ ਗ੍ਰਿਫ਼ਤਾਰ



ਪਟਨਾ, 3 ਫਰਵਰੀ (ਪੋਸਟ ਬਿਊਰੋ): ਬਿਹਾਰ ਦੇ ਬਕਸਰ ਜ਼ਿਲ੍ਹੇ ਵਿਚ ਮਤਰੇਈ ਮਾਂ ਨੇ 8 ਸਾਲਾ ਬੱਚੀ ਦਾ ਗਲਾ ਘੁੱਟ ਕੇ ਕਤਲ ਕਰ ਦਿੱਤਾ। ਜਿਸ ਤੋਂ ਬਾਅਦ ਲਾਸ਼ ਨੂੰ ਸਾੜਨ ਦੀ ਕੋਸ਼ਿਸ਼ ਕੀਤੀ। ਜਦੋਂ ਲਾਸ਼ ਪੂਰੀ ਤਰ੍ਹਾਂ ਸੜ ਨਾ ਸਕੀ ਤਾਂ ਇਸ ਨੂੰ ਸੀਮਿੰਟ ਦੀ ਬੋਰੀ ਵਿਚ ਪਾ ਕੇ ਘਰ ਦੇ ਇਕ ਡੱਬੇ ਵਿਚ ਰੱਖ ਦਿੱਤਾ। ਲੜਕੀ ਦੇ ਪਿਤਾ ਨੇ ਦਸਿਆ ਕਿ ਉਸ ਦੀ 8 ਸਾਲਾ ਬੇਟੀ ਆਂਚਲ ਪਿਛਲੇ ਦੋ ਦਿਨਾਂ ਤੋਂ ਲਾਪਤਾ ਸੀ। ਇਸ ਸਬੰਧੀ ਪਰਿਵਾਰਕ ਮੈਂਬਰਾਂ ਨੇ ਪੁਲਿਸ ਨੂੰ ਵੀ ਸੂਚਿਤ ਕੀਤਾ। ਇਸ ਦੇ ਬਾਵਜੂਦ ਬੇਟੀ ਦਾ ਕੋਈ ਸੁਰਾਗ ਨਹੀਂ ਮਿਲ ਸਕਿਆ।

ਜਾਣਕਾਰੀ ਮੁਤਾਬਕ ਸਨਿਚਰਵਾਰ ਰਾਤ ਜਦੋਂ ਆਂਚਲ ਦੀ ਅਪਾਹਜ ਦਾਦੀ, ਜੋ ਬੋਲ ਨਹੀਂ ਸਕਦੀ ਸੀ, ਨੇ ਘਰ 'ਚ ਰੱਖਿਆ ਡੱਬਾ ਖੋਲ੍ਹਿਆ ਤਾਂ ਉਸ 'ਚੋਂ ਬਦਬੂ ਆ ਰਹੀ ਸੀ। ਡੱਬੇ ਵਿਚ ਲੜਕੀ ਦੀ ਅੱਧ ਸੜੀ ਹੋਈ ਲਾਸ਼ ਰੱਖੀ ਹੋਈ ਸੀ। ਦਾਦੀ ਨੇ ਪਰਿਵਾਰਕ ਮੈਂਬਰਾਂ ਨੂੰ ਡੱਬੇ ਤੱਕ ਖਿੱਚਿਆ ਅਤੇ ਉਨ੍ਹਾਂ ਨੂੰ ਲਾਸ਼ ਦਿਖਾਈ। ਘਰ ਦੇ ਇੱਕ ਬਕਸੇ ਵਿਚ ਬੱਚੀ ਦੀ ਅੱਧ ਸੜੀ ਹੋਈ ਲਾਸ਼ ਦੇਖ ਕੇ ਲੋਕ ਹੈਰਾਨ ਰਹਿ ਗਏ। ਘਟਨਾ ਡੁਮਰਾਓਂ ਉਪਮੰਡਲ ਦੇ ਪਿੰਡ ਨਯਾ ਭੋਜਪੁਰ ਦੇ ਵਾਰਡ ਨੰਬਰ 8 ਦੀ ਦੱਸੀ ਜਾ ਰਹੀ ਹੈ।

ਮਾਮਲੇ ਦਾ ਪ੍ਰਗਟਾਵਾ ਕਰਦਿਆਂ ਪੁਲਿਸ ਨੇ ਦਸਿਆ ਕਿ ਆਂਚਲ ਦਾ ਕਤਲ ਉਸਦੀ ਮਤਰੇਈ ਮਾਂ ਸੀਮਾ ਦੇਵੀ ਨੇ ਕੀਤਾ ਸੀ। ਕਤਲ ਤੋਂ ਬਾਅਦ ਲਾਸ਼ ਨੂੰ ਸਾੜਨ ਦੀ ਕੋਸ਼ਿਸ਼ ਕੀਤੀ ਗਈ। ਜਦੋਂ ਲਾਸ਼ ਪੂਰੀ ਤਰ੍ਹਾਂ ਸੜੀ ਨਹੀਂ ਸੀ ਤਾਂ ਘਰ ਦੇ ਇਕ ਬਕਸੇ ਵਿਚ ਛੁਪਾ ਦਿਤੀ ਸੀ। ਪੁਲਿਸ ਨੇ ਅੱਗੇ ਦਸਿਆ ਕਿ ਬੱਚੀ ਦੇ ਕਤਲ ਮਾਮਲੇ 'ਚ ਮਤਰੇਈ ਮਾਂ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ ਹੈ। ਪੁਛ ਗਿਛ ਜਾਰੀ ਹੈ। ਕਤਲ ਦੇ ਕਾਰਨਾਂ ਦੀ ਜਾਂਚ ਕੀਤੀ ਜਾ ਰਹੀ ਹੈ।

# ਕਸ਼ਮੀਰ 'ਚ ਅੱਤਵਾਦੀਆਂ ਨੇ ਸੇਵਾ-ਮੁਕਤ ਲਾਂਸ ਨਾਇਕ ਦਾ ਕੀਤਾ ਕਤਲ, ਪਤਨੀ ਤੇ ਬੇਟੀ ਜ਼ਖਮੀ



ਜੰਮੂ, 3 ਫਰਵਰੀ (ਪੋਸਟ ਬਿਊਰੋ): ਜੰਮੂ-ਕਸ਼ਮੀਰ ਦੇ ਕੁਲਗਾਮ ਵਿੱਚ ਸੋਮਵਾਰ ਨੂੰ ਅੱਤਵਾਦੀਆਂ ਨੇ ਇੱਕ ਸੇਵਾਮੁਕਤ ਲਾਂਸ ਨਾਇਕ ਦੇ ਪਰਿਵਾਰ 'ਤੇ ਹਮਲਾ ਕੀਤਾ। ਇਸ ਵਿੱਚ ਸਾਬਕਾ ਸੈਨਿਕ ਦੀ ਮੌਤ ਹੋ ਗਈ ਜਦੋਂ ਕਿ ਉਸਦੀ ਪਤਨੀ ਅਤੇ ਬੇਟੀ ਜ਼ਖਮੀ ਹੋ ਗਈਆਂ। ਹਮਲਾਵਰਾਂ ਨੂੰ ਫੜਨ ਲਈ ਇਲਾਕੇ ਦੀ ਘੇਰਾਬੰਦੀ ਕਰ ਦਿੱਤੀ ਗਈ ਹੈ। ਸੁਰੱਖਿਆ ਬਲ ਉਸਦੀ ਭਾਲ ਵਿੱਚ ਰੁੱਝੇ ਹੋਏ ਹਨ।

ਇਹ ਘਟਨਾ ਦੱਖਣੀ ਕਸ਼ਮੀਰ ਦੇ ਕੁਲਗਾਮ ਦੇ ਬੇਹੀਬਾਗ ਇਲਾਕੇ ਵਿੱਚ ਵਾਪਰੀ। ਅੱਤਵਾਦੀਆਂ ਨੇ ਦੁਪਹਿਰ 2:45 ਵਜੇ ਸੇਵਾਮੁਕਤ ਲਾਂਸ ਨਾਇਕ ਮਨਜ਼ੂਰ ਅਹਿਮਦ ਦੇ ਪਰਿਵਾਰ 'ਤੇ ਗੋਲੀਬਾਰੀ ਕੀਤੀ। ਗੋਲੀਬਾਰੀ ਵਿੱਚ ਅਹਿਮਦ, ਉਸਦੀ ਪਤਨੀ ਆਇਨਾ ਅਤੇ ਬੇਟੀ ਸਾਇਨਾ ਜ਼ਖਮੀ ਹੋ ਗਏ। ਤਿੰਨਾਂ ਨੂੰ ਸ੍ਰੀਨਗਰ ਹਸਪਤਾਲ ਲਿਜ-ਾਇਆ ਗਿਆ। ਇਲਾਜ ਦੌਰਾਨ ਮਨਜ਼ੂਰ ਅਹਿਮਦ ਦੀ ਮੌਤ ਹੋ ਗਈ। ਉਸਦੀ ਪਤਨੀ ਅਤੇ ਧੀ ਦਾ ਇਲਾਜ ਜਾਰੀ ਹੈ।

# ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ 'ਚ 88 ਹਜ਼ਾਰ ਕਰੋੜ ਰੁਪਏ ਤੋਂ ਜ਼ਿਆਦਾ ਦਾ ਨਿਵੇਸ਼ : ਸੌਂਦ

ਚੰਡੀਗੜ੍ਹ, 3 ਫਰਵਰੀ (ਗਿਆਨ ਸਿੰਘ): ਪੰਜਾਬ ਦੇ ਉਦਯੋਗ ਤੇ ਵਣਜ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਦੱਸਿਆ ਹੈ ਕਿ ਮਾਰਚ 2022 ਤੋਂ ਲੈ ਕੇ ਹੁਣ ਤੱਕ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ 88,014 ਕਰੋੜ ਰੁਪਏ ਦੇ ਨਿਵੇਸ਼ ਪ੍ਰਸਤਾਵ ਪ੍ਰਾਪਤ ਹੋ ਚੁੱਕੇ ਹਨ। ਬਹੁਤ ਸਾਰੇ ਵੱਡੇ ਉਦਯੋਗ ਸੂਬੇ ਵਿੱਚ ਆਪਣੀਆਂ ਇਕਾਈਆਂ ਸਥਾਪਤ ਕਰ ਰਹੇ ਹਨ ਅਤੇ ਕਈ ਕੌਮੀ ਅਤੇ ਕੌਮਾਂਤਰੀ ਉਦਯੋਗਪਤੀ ਇੱਥੇ ਨਿਵੇਸ਼ ਕਰਨ ਵਿੱਚ ਰੁਚੀ ਦਿਖਾ ਰਹੇ ਹਨ।

ਉਨ੍ਹਾਂ ਦੱਸਿਆ ਕਿ 2022 ਤੋਂ ਹੁਣ ਤੱਕ 5,574 ਨਿਵੇਸ਼ ਪ੍ਰਸਤਾਵ ਪ੍ਰਾਪਤ ਹੋਏ ਹਨ, ਜਿਨ੍ਹਾਂ ਨਾਲ 88,014 ਕਰੋੜ ਰੁਪਏ ਦਾ ਨਿਵੇਸ਼ ਹੋਵੇਗਾ। ਇਸ ਸਦਕਾ ਤਕਰੀਬਨ 4,01,217 ਵਿਅਕਤੀਆਂ ਨੂੰ ਰੁਜ਼ਗਾਰ ਮਿਲੇਗਾ। ਸੌਂਦ ਨੇ ਹੋਰਨਾਂ ਉਦਯੋਗਪਤੀਆਂ ਨੂੰ ਵੀ ਪੰਜਾਬ ਵਿੱਚ ਨਿਵੇਸ਼ ਕਰਨ ਦਾ ਸੱਦਾ ਦਿੱਤਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੀਆਂ ਸਨਅਤ ਪੱਖੀ ਨੀਤੀਆਂ ਸਦਕਾ ਵੱਡੇ-ਵੱਡੇ ਉਦਯੋਗਿਕ ਘਰਾਣੇ ਪੰਜਾਬ ਵਿੱਚ ਆਪਣੀਆਂ ਇਕਾਈਆਂ ਸਥਾਪਤ ਕਰਨ ਵਿੱਚ ਦਿਲਚਸਪੀ ਵਿਖਾ ਰਹੀਆਂ ਹਨ।



ਉਦਯੋਗ ਤੇ ਪੂੰਜੀ ਪ੍ਰੋਤਸਾਹਨ ਮੰਤਰੀ ਨੇ ਦੱਸਿਆ ਕਿ ਮੌਜੂਦਾ ਸਰਕਾਰ ਦੇ ਕਾਰਜਕਾਲ ਦੌਰਾਨ ਪ੍ਰਾਪਤ ਹੋਏ ਕੁਝ ਪ੍ਰਮੁੱਖ ਪ੍ਰੋਜੈਕਟਾਂ ਵਿੱਚੋਂ ਟਾਟਾ ਸਟੀਲ ਲਿਮਟਿਡ ਨੇ (2600 ਕਰੋੜ ਰੁਪਏ), ਸਨਾਥਨ ਪੋਲੀਕੋਟ ਪ੍ਰਾਈਵੇਟ ਲਿਮਟਿਡ (1600 ਕਰੋੜ ਰੁਪਏ), ਅੰਬੂਜਾ ਸੀਮੈਂਟਸ ਲਿਮਟਿਡ (1400 ਕਰੋੜ ਰੁਪਏ), ਰੁਚਿਰਾ ਪੇਪਰਜ਼ ਲਿਮਟਿਡ (1137 ਕਰੋੜ ਰੁਪਏ), ਟੋਪਨ ਸਪੈਸ਼ਲਿਟੀ ਫਿਲਮਜ਼ ਲਿਮਟਿਡ (787 ਕਰੋੜ ਰੁਪਏ), ਨੇਸਲੇ ਇੰਡੀਆ ਲਿਮਟਿਡ (583 ਕਰੋੜ ਰੁਪਏ), ਹੈਪੀ ਫੋਰਜਿੰਗਜ਼ ਲਿਮਟਿਡ (438 ਕਰੋੜ ਰੁਪਏ), ਫਰੂਡੇਨਬਰਗ ਗਰੁੱਪ (339 ਕਰੋੜ ਰੁਪਏ), ਓਏਕੇਮੇਟਕੋਰਪ ਲਿਮਟਿਡ (309 ਕਰੋੜ ਰੁਪਏ) ਅਤੇ ਕਾਰਗਿਲ ਇੰਡੀਆ ਪ੍ਰਾਈਵੇਟ ਲਿਮਟਿਡ ਨੇ (160 ਕਰੋੜ ਰੁਪਏ) ਦਾ ਨਿਵੇਸ਼ ਕੀਤਾ ਹੈ।

ਉਨ੍ਹਾਂ ਕਿਹਾ ਕਿ ਹੋਰ ਕਾਰੋਬਾਰੀ ਵੀ ਆਪਣੀਆਂ ਸਨਅਤਾਂ ਪੰਜਾਬ ਵਿੱਚ ਸ਼ੁਰੂ ਕਰਨ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਹਰ ਪੱਖੋਂ ਉਦਯੋਗਪਤੀਆਂ ਦਾ ਸਾਥ ਦੇਵੇਗੀ। ਉਨ੍ਹਾਂ ਕਿਹਾ ਕਿ ਨਿਵੇਸ਼ ਲਈ ਪੰਜਾਬ ਦਾ ਮਾਹੌਲ ਸਾਜ਼ਗਾਰ, ਢੁਕਵਾਂ ਅਤੇ ਸ਼ਾਂਤੀਪੂਰਵਕ ਹੈ ਅਤੇ ਉਦਯੋਗਾਂ ਦੀ ਉੱਨਤੀ ਤੇ ਪ੍ਰਫੁੱਲਤਾ ਲਈ ਪੰਜਾਬ ਸਰਕਾਰ ਪੂਰੀ ਸੰਜੀਦਗੀ ਅਤੇ ਸੁਹਿਰਦਤਾ ਨਾਲ ਕੰਮ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਦੀਆਂ ਨੀਤੀਆਂ ਵੀ ਉਦਯੋਗ ਪੱਖੀ ਹਨ ਅਤੇ ਛੋਟੇ ਤੇ ਦਰਮਿਆਨੇ ਉਦਯੋਗਪਤੀ ਆਪਣਾ ਕਾਰੋਬਾਰ ਅੱਜ ਹੀ ਇਕ ਹਲਫ਼ੀਆ ਬਿਆਨ ਦੇ ਕੇ ਸ਼ੁਰੂ ਕਰ ਸਕਦੇ ਹਨ ਅਤੇ ਜ਼ਰੂਰੀ ਦਸਤਾਵੇਜ਼ੀ ਪ੍ਰਕਿਰਿਆ 3 ਸਾਲਾਂ ਦੇ ਅੰਦਰ ਅੰਦਰ ਪੂਰੀ ਕੀਤੀ ਜਾ ਸਕਦੀ ਹੈ।

ਸੌਂਦ ਨੇ ਦੱਸਿਆ ਕਿ ਸੂਬੇ ਦਾ ਇਨਵੈਸਟ ਪੰਜਾਬ ਪੋਰਟਲ ਆਪਣੀ ਕਾਰਗੁਜ਼ਾਰੀ ਸਦਕਾ 28 ਰਾਜਾਂ ਵਿੱਚੋਂ ਪਹਿਲਾ ਸਥਾਨ ਰੱਖਦਾ ਹੈ ਅਤੇ ਇਸ ਉੱਤੇ 58 ਹਜ਼ਾਰ ਦੇ ਕਰੀਬ ਛੋਟੇ ਅਤੇ ਦਰਮਿਆਨੇ ਨਵੇਂ ਉਦਯੋਗਾਂ ਨੇ ਰਜਿਸਟਰੇਸ਼ਨ ਕਰਵਾਈ ਹੈ, ਜੋ ਕਿ ਆਪਣੇ ਆਪ ਵਿੱਚ ਇੱਕ ਰਿਕਾਰਡ ਹੈ।

# ਮੁੰਬਈ ਏਅਰਪੋਰਟ 'ਤੇ ਕਈ ਕਿਲੋ ਸੋਨਾ ਤੇ ਹੀਰੇ ਬਰਾਮਦ, ਅੱਠ ਲੋਕ ਗ੍ਰਿਫ਼ਤਾਰ

ਮੁੰਬਈ, 3 ਫਰਵਰੀ (ਪੋਸਟ ਬਿਊਰੋ): ਮੁੰਬਈ ਦੇ ਛਤਰਪਤੀ ਸ਼ਿਵਾਜੀ ਮਹਾਰਾਜ ਅੰਤਰਰਾਸ਼ਟਰੀ ਹਵਾਈ ਅੱਡੇ 'ਤੇ ਕਸਟਮ ਵਿਭਾਗ ਨੇ ਵੱਡੀ ਕਾਰਵਾਈ ਕਰਦੇ ਹੋਏ 50 ਕਰੋੜ ਰੁਪਏ ਤੋਂ ਵੱਧ ਦੀ ਕੀਮਤ ਦੇ ਹਾਈਡ੍ਰੋਪੋਨਿਕ ਵੀਡ ਸਮੇਤ ਸੋਨਾ ਅਤੇ ਹੀਰੇ ਜ਼ਬਤ ਕੀਤੇ ਹਨ। ਇਸ ਦੇ ਨਾਲ ਹੀ ਕਸਟਮ ਵਿਭਾਗ ਨੇ ਅੱਠ ਲੋਕਾਂ ਨੂੰ ਗ੍ਰਿਫ਼ਤਾਰ ਕੀਤਾ ਹੈ। ਇਹ ਜ਼ਬਤੀਆਂ 28 ਜਨਵਰੀ ਤੋਂ 31 ਜਨਵਰੀ ਦਰਮਿਆਨ ਵਿਸ਼ੇਸ਼ ਮੁਹਿੰਮ ਦੌਰਾਨ ਕੀਤੀਆਂ ਗਈਆਂ।

ਕਸਟਮ ਵਿਭਾਗ ਦੇ ਅਧਿਕਾਰੀਆਂ ਅਨੁਸਾਰ ਇਸ ਵਿਸ਼ੇਸ਼ ਕਾਰਵਾਈ ਵਿੱਚ 50.11 ਕਿਲੋ ਹਾਈਡ੍ਰੋਪੋਨਿਕ ਵੀਡ, 93.8 ਲੱਖ ਰੁਪਏ ਦੇ ਹੀਰੇ ਅਤੇ 1.5 ਕਰੋੜ ਰੁਪਏ ਮੁੱਲ ਦਾ



2.073 ਕਿਲੋ ਸੋਨਾ ਜ਼ਬਤ ਕੀਤਾ ਗਿਆ ਹੈ। ਮੁੰਬਈ ਅੰਤਰਰਾਸ਼ਟਰੀ ਹਵਾਈ ਅੱਡੇ 'ਤੇ ਤਸਕਰੀ ਦੇ ਮਾਮਲੇ ਲਗਾਤਾਰ ਸਾਹਮਣੇ ਆ ਰਹੇ ਹਨ। ਪਿਛਲੇ ਮਹੀਨੇ ਵੀ ਇੱਥੇ ਸੋਨੇ ਦੀ ਤਸਕਰੀ ਦਾ ਇੱਕ ਵੱਡਾ ਮਾਮਲਾ ਸਾਹਮਣੇ ਆਇਆ ਸੀ, ਜਿਸ ਵਿੱਚ ਏਅਰਪੋਰਟ ਮੁਲਾਜ਼ਮਾਂ ਦੇ ਇੱਕ ਗਰੋਹ ਨੂੰ ਗ੍ਰਿਫ਼ਤਾਰ ਕੀਤਾ ਗਿਆ ਸੀ। ਇਹ ਗਿਰੋਹ ਸੋਨੇ ਦੀ ਤਸਕਰੀ ਵਿੱਚ ਸ਼ਾਮਲ ਸੀ ਅਤੇ ਤਸਕਰਾਂ ਦੀ ਮਦਦ ਕਰ ਰਿਹਾ ਸੀ।




**Allseas Fisheries Inc. is Hiring!**

**DZ licensed delivery drivers needed.**

Pay is $24/hour. Full time, permanent

Should work any day of the week, including weekends.

If interested, please forward resume to **rgidda@allseas.net**

## ਲੜਕੀ ਦੀ ਲੋੜ

ਰਾਮਗੜ੍ਹੀਆ ਸਿੱਖ ਲੜਕਾ, 26 ਸਾਲ, 5ਫੁੱਟ, 9ਇੰਚ, ਵਰਕ ਪਰਮਿਟ, ਟਰੱਕ ਡਰਾਈਵਰ, ਨਾਨਡ੍ਰਿੰਕਿੰਗ ਲਈ, ਪੀ.ਆਰ./ਸਿਟੀਜ਼ਨ ਲੜਕੀ ਦੀ ਲੋੜ। ਸੰਪਰਕ: sukh25125@gmail.com ਜਾਂ ਵਟਸਐਪ +16723355016, ਕੋਈ ਜਾਤੀ ਬੰਧਨ ਨਹੀਂ। ਮੈਰਿਜ ਬਿਊਰੋ ਵਾਲੇ ਮੁਆਫ ਕਰਨ।

ਲੁਬਾਣਾ ਸਿੱਖ, 1989 ਕਲੀਨਸ਼ੇਵ, ਗੋਰਾ ਰੰਗ, ਕੱਦ 5'8, ਕੈਨੇਡਾ ਵਿੱਚ ਸਥਾਈ ਨਿਵਾਸੀ (**Italian citizen**) ਲਈ ਖੂਬਸੂਰਤ ਅਤੇ ਪੜ੍ਹੀ ਲਿਖੀ ਲੜਕੀ ਦੀ ਲੋੜ। ਸੰਪਰਕ- 647-449-6746 ਜਾਂ 250-793-0527

Sikh Tonk kashtriya Boy Feb/1993 Born, height 5.11", B.tech in computer science, On work permit PR applied. Working as a supervisor. Looking for beautiful PR/Work permit/ Study permit girl. Caste No Bar. Whatsapp or Call at +91 9417272807, +12269787777

ਜੱਟ ਸਿੱਖ ਲੜਕਾ, ਉਮਰ 28 ਸਾਲ, ਕੱਦ 5 ਫੁੱਟ 10 ਇੰਚ, ਲੜਕੇ ਦੀ ਇਕ ਭੈਣ ਹੈ, ਆਟੋਮੋਟਿਵ ਪਾਵਰ ਟੈਕਨੀਸ਼ੀਅਨ, ਆਟੋਮੋਬਾਇਲ ਇੰਡਸਟਰੀ ਵਿਚ ਮਿਕੈਨਿਕ ਦੇ ਤੌਰ 'ਤੇ ਕੰਮ ਕਰ ਰਿਹਾ ਹੈ, ਕੈਨੇਡੀਅਨ ਪੀਆਰ ਹੈ, ਲਈ ਜੱਟ ਸਿੱਖ, ਪੜ੍ਹੀ ਲਿਖੀ ਲੜਕੀ ਦੀ ਲੋੜ ਹੈ। ਲੜਕੀ ਕੈਨੇਡਾ ਵਿਚ ਵਰਕ ਪਰਮਿਟ ਉਤੇ ਹੋਵੇ, ਸਟੱਡੀ ਪਰਮਿਟ ਉਤੇ ਜਾਂ ਪੀਆਰ ਹੋਲਡਰ ਹੋਵੇ। ਸੰਪਰਕ: (289) 380-6898

ਲੁਬਾਣਾ ਸਿੱਖ ਲੜਕਾ ਕੈਨੇਡੀਅਨ ਸਿਟੀਜ਼ਨ, ਉਮਰ 29, ਹਾਈਟ 5 ਫੁੱਟ 8 ਇੰਚ, ਸੈਲਫ ਇੰਪਲਾਇਡ ਲਈ ਬੀਐੱਸਸੀ ਨਰਸਿੰਗ ਜਾਂ ਵਰਕ ਪਰਮਿਟ 'ਤੇ ਆਈ ਲੜਕੀ ਦੀ ਜ਼ਰੂਰਤ ਹੈ।ਲੁਬਾਣਾ ਬਰਾਦਰੀ ਨੂੰ ਪਹਿਲ ਦਿੱਤੀ ਜਾਵੇਗੀ। ਸੰਪਰਕ: 7093510275

Looking for a Suitable match for Khatri Punjabi boy 36 yrs old 5,6.Boy have multiple Visitor Visa. Legally Divorced after a Short Marriage no issue .Boy is in Canada right now. Sister Well Settled in Toronto. No Caste bar, looking for Canadian P.R. or Citizen Contact on 6473004877 Email :- komal1128@gmail.com

**Allseas Fisheries Inc. is Hiring!**

**DZ licensed delivery drivers needed.**

Pay is $24/hour. Full time, permanent

Should work any day of the week, including weekends.

If interested, please forward resume to **rgidda@allseas.net**




## ਲੜਕੀ ਦੀ ਲੋੜ

ਕੈਨੇਡੀਅਨ ਸਿਟੀਜ਼ਨ, ਕੈਨੇਡਾ ਦੇ ਦੋ ਸੂਬਿਆਂ ਵਿਚ ਸਫ਼ਲ ਸਥਾਪਿਤ ਆਪਣਾ ਕਾਰੋਬਾਰ ਕਰਦੇ ਵੈੱਲ ਸੈਟਲਡ ਪਰਿਵਾਰ ਦੇ ਕੈਨੇਡਾ ਵਿਚ 16 ਸਾਲ ਤੋਂ ਰਹਿ ਰਹੇ ਲੜਕੇ, ਉਮਰ 32 ਸਾਲ, ਕੱਦ 5 ਫੁੱਟ, 10 ਇੰਚ, ਲਈ ਯੋਗ ਲੜਕੀ ਦੀ ਜ਼ਰੂਰਤ। ਸੰਪਰਕ ਕਰੋ: 204-510-7658 ਜਾਂ 437-881-7282

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5'9", ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ। ਸੰਪਰਕ: 437-223-2664

ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5'11'', B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈੱਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeepkaurthind9@gmail.com.

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਅੱਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5"8 ਸਾਰੀ ਫੈਮਲੀ ਕਨੈਡਾ ਵਿਚ । ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੈਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ। ਸੰਪਰਕ : 647-948-8474 647-670-8013




## ਲੜਕੇ ਦੀ ਲੋੜ

ਜੱਟ ਸਿੱਖ ਸਿੱਧੂ ਪਰਿਵਾਰ ਦੀ ਲੜਕੀ, 28 ਸਾਲ, 5'6", ਕੇਨੈਡਾ ਵਿੱਚ ਵਿਜਟਰ ਵੀਜ਼ੇ 'ਤੇ ਰਹਿ ਰਹੀ ਲੜਕੀ ਲਈ ਕੈਨੇਡੀਅਨ ਸਿਟੀਜਨ/ਪੀ.ਆਰ. ਜੱਟ ਸਿੱਖ ਲੜਕੇ ਦੀ ਜ਼ਰੂਰਤ। ਸੰਪਰਕ: 647-203-7573

ਕੈਨੇਡਾ (ਬਰੈਪਟਨ) ਪੀ ਆਰ ਦਰਜੀ ਸਿੰਘ (ਛੀਂਬਾ) ਤਲਾਕਸ਼ੁਦਾ ਲੜਕੀ B.Sc.Nursing, 33 ਸਾਲ 5' 2" ਲਈ ਪਗੜੀਧਾਰੀ ਲੜਕੇ ਦੀ ਲੋੜ। +919417939114

Need suitable match for 58 years old Hindu (Khatri) lady (Non Manglik), Height 5'3". Seeking a trustworthy man upto 65 years. Contact :- 647-323-5428.

Qualified match for beautiful never married Punjabi Khatri girl 5'7" 35 years Software Engineer at Toronto .Canada PR. Well settled in IT job . Good family.call +16475649350 email marti.mail.20@gmail.com

Saini Sikh family seeks a suitable match for their beautiful daughter, born and raised in Canada, 36 years old, slim, 5'4" tall, has a bachelor's degree, has a good job, divorced after short marriage. The boy should be educated, well settled, handsome, Canadian born. Please send bio-data and pictures on whatsapp. Phone :- 437-288-6010. Caste no bar.

'Qualified match for beautiful never married 81 born girl, Canada PR, well settled in job with Pharma co at Toronto. Call: +16475649350, Email: skvmatri49@gmail.com

Seeking a suitable match for Canadian citizen Ramdasia Sikh (GNM). Born August 1987 and height 5'1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090, ਈਮੇਲ- Singhmanmohan2006@gmail.com




## ਲੜਕੇ ਦੀ ਲੋੜ

ਗਿੱਲ ਜੱਟ ਸਿੱਖ, 1992, ਇਕਲੌਤੀ, B.Tech. ਲੜਕੀ ਲਈ ਗੁਰਸਿੱਖ ਕੈਨੇਡੀਅਨ ਸੈਟਲਡ ਪਰਿਵਾਰ ਦੇ ਲੜਕੇ ਦੀ ਲੋੜ। ਸੰਪਰਕ: 9464034653, 2364582228

ਜੱਟ ਸਿੱਖ ਲੜਕੀ, ਉਮਰ 27 ਸਾਲ, ਕੱਦ 5 ਫੁੱਟ 4", ਬੀ.ਏ ਪਾਸ, ਹੇਅਰ ਐਂਡ ਸਕਿੱਨ ਕੇਅਰ ਡਿਪਲੋਮਾ (ਆਈ. ਟੀ.ਆਈ) ਕੰਪਿਊਟਰ ਡਿਪਲੋਮਾ ਇੱਕ ਸਾਲ ਕੀਤਾ ਹੋਇਆ, ਵਿਜ਼ਟਰ ਵੀਜ਼ੇ 'ਤੇ ਕੇਨੈਡਾ ਆਈ ਹੋਈ, ਲਈ ਕੈਨੇਡੀਅਨ ਜੱਟ ਸਿੱਖ ਪੀ.ਆਰ ਲੜਕੇ ਦੀ ਲੋੜ। ਸੰਪਰਕ: 1-905-451-1716, +919876533403

ਕੈਨੇਡਾ ਪੀ ਆਰ ਲੜਕੀ ਲਈ ਵਰ ਦੀ ਲੋੜ, 1991/5'3", ਲਈ ਸ਼ੁਧ ਵੈਸ਼ਨੂੰ ਲੜਕੇ ਦੀ ਲੋੜ। ਕੈਨੇਡਾ ਨੂੰ ਪਹਿਲ। ਸੰਪਰਕ: 9855238175

ਜੱਟ ਸਿੱਖ 1996/5'-3", ਇੰਟਰਨੈਸ਼ਨਲ ਬਿਜ਼ਨੈੱਸ ਮੈਨੇਜਮੈਂਟ (ਕੈਨੇਡਾ ਪੀ-ਆਰ) ਲੜਕੀ ਲਈ ਕੈਨੇਡਾ ਪੀਆਰ/ਨਾਨ-ਪੀਆਰ ਲੜਕਾ ਚਾਹੀਦਾ ਹੈ। ਮਾਲਵੇ ਨੂੰ ਤਰਜੀਹ। ਸੰਪਰਕ: 9478403300

ਜੱਟ ਸਿੱਖ ਗਿੱਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐਸਸੀ, ਐਮਐਸਸੀ (ਹਾਨਰਜ਼) ਬਾਇਓਫਿਜਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈਸ ਐਂਟਰੀ ਵਿਚ ਇੰਡੀਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿੱਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500

Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਉਮਰ 35 ਸਾਲ ਕੱਦ 5'11'' ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5'2" ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664



# ਵੈਟਨਰੀ ਯੂਨੀਵਰਸਿਟੀ ਨੇ ਆਯੋਜਿਤ ਕੀਤੀ ਉਨੱਤ ਉਦਮੀਪਨ ਕੌਸ਼ਲ ਵਿਕਾਸ ਸਿਖਲਾਈ



ਲੁਧਿਆਣਾ, 3 ਫਰਵਰੀ (ਗਿਆਨ ਸਿੰਘ): ਗੁਰੂ ਅੰਗਦ ਦੇਵ ਵੈਟਨਰੀ ਅਤੇ ਐਨੀਮਲ ਸਾਇੰਸਜ਼ ਯੂਨੀਵਰਸਿਟੀ, ਲੁਧਿਆਣਾ ਦੇ ਪਸ਼ੂਧਨ ਉਤਪਾਦ ਪ੍ਰਬੰਧਨ ਵਿਭਾਗ ਵੱਲੋਂ ਇਕ ਹਫ਼ਤੇ ਦੀ ਉਨੱਤ ਉਦਮੀਪਨ ਕੌਸ਼ਲ ਵਿਕਾਸ ਸਿਖਲਾਈ ਕਰਵਾਈ ਗਈ। ਇਸ ਸਿਖਲਾਈ ਦਾ ਵਿਸ਼ਾ ਸੀ 'ਕਿਸਾਨਾਂ ਦੇ ਆਮਦਨੀ ਵਾਧੇ ਲਈ ਵਿਗਿਆਨਕ ਡੇਅਰੀ ਫਾਰਮਿੰਗ, ਗੁਣਵੱਤਾ ਲੜੀ ਅਤੇ ਮੰਡੀਕਾਰੀ'। ਭਾਰਤ ਸਰਕਾਰ ਦੇ ਸੂਖਮ, ਲਘੂ ਅਤੇ ਦਰਮਿਆਨੇ ਉਦਮ ਮੰਤਰਾਲੇ ਵੱਲੋਂ ਪ੍ਰਾਯੋਜਿਤ ਇਸ ਸਿਖਲਾਈ ਵਿੱਚ 20 ਪ੍ਰਤੀਭਾਗੀਆਂ ਨੇ ਹਿੱਸਾ ਲਿਆ।

ਸਿਖਲਾਈ ਦੇ ਸਮਾਪਨ ਸਮਾਰੋਹ 'ਤੇ ਮੁੱਖ ਮਹਿਮਾਨ ਡਾ. ਜਤਿੰਦਰ ਪਾਲ ਸਿੰਘ ਗਿੱਲ, ਉਪ-ਕੁਲਪਤੀ ਨੇ ਕਿਹਾ ਕਿ ਪ੍ਰਤੀਭਾਗੀਆਂ ਨੂੰ ਪਸ਼ੂਧਨ ਖੇਤਰ ਵਿੱਚ ਨਵੇਂ ਤੇ ਨਿਵੇਕਲੇ ਵਿਚਾਰਾਂ ਨਾਲ ਅੱਗੇ ਆਉਣਾ ਚਾਹੀਦਾ ਹੈ। ਉਨ੍ਹਾਂ ਨੇ ਇਸ ਗੱਲ ਲਈ ਉਤਸ਼ਾਹਿਤ ਕੀਤਾ ਕਿ ਸਿੱਖਿਆਰਥੀ ਆਪਣੇ ਉਦਮ ਜ਼ਰੂਰ ਸਥਾਪਿਤ ਕਰਨ। ਉਨ੍ਹਾਂ ਕਿਹਾ ਕਿ ਸਾਡਾ ਮੁੱਖ ਮੰਤਵ ਇਸ ਉਪਰਾਲੇ ਰਾਹੀਂ ਪੰਜਾਬ ਦੇ ਡੇਅਰੀ ਖੇਤਰ ਦਾ ਵਿਕਾਸ ਕਰਨਾ ਹੈ।

ਡਾ. ਅਨਿਲ ਕੁਮਾਰ ਅਰੋੜਾ, ਨਿਰਦੇਸ਼ਕ ਖੋਜ ਨੇ ਕਿਹਾ ਕਿ ਸੂਖਮ, ਲਘੂ ਅਤੇ ਦਰਮਿਆਨੇ ਉਦਮ, ਉਦਮੀਪਨ ਦੀ ਪਨੀਰੀ ਵਜੋਂ ਸਹਾਈ ਹੁੰਦੇ ਹਨ। ਉਨ੍ਹਾਂ ਕਿਹਾ ਕਿ ਇਸ ਨਾਲ ਜਿਥੇ ਵਿਅਕਤੀਗਤ ਸਿਰਜਣਾ ਨੂੰ ਹੁਲਾਰਾ ਮਿਲਦਾ ਹੈ ਉਥੇ ਨਵੇਂ ਉਪਰਾਲੇ ਵੀ ਸਾਹਮਣੇ ਆਉਂਦੇ ਹਨ।

ਡਾ. ਸਰਵਪ੍ਰੀਤ ਸਿੰਘ ਘੁੰਮਣ, ਡੀਨ, ਵੈਟਨਰੀ ਸਾਇੰਸ ਕਾਲਜ ਨੇ ਕਿਹਾ ਕਿ ਸਾਨੂੰ ਡੇਅਰੀ ਖੇਤਰ ਵਿੱਚ ਗੁਣਵੱਤਾ ਭਰਪੂਰ ਉਤਪਾਦਾਂ ਨੂੰ ਹੋਰ ਉਤਸ਼ਾਹਿਤ ਕਰਨਾ ਚਾਹੀਦਾ ਹੈ ਤਾਂ ਜੋ ਇਸ ਖੇਤਰ ਵਿੱਚ ਉਦਮੀਪਨ ਦੇ ਨਵੇਂ ਮੌਕੇ ਮੁਹੱਈਆ ਕੀਤੇ ਜਾ ਸਕਣ।

ਡਾ. ਯਸ਼ਪਾਲ ਸਿੰਘ ਅਤੇ ਡਾ. ਰਵਿੰਦਰ ਸਿੰਘ ਗਰੇਵਾਲ, ਕੋਰਸ ਨਿਰਦੇਸ਼ਕਾਂ ਨੇ ਕਿਹਾ ਕਿ ਸੂਖਮ, ਲਘੂ ਅਤੇ ਦਰਮਿਆਨੇ ਉਦਮ ਵਿਭਾਗ ਇਸ ਖੇਤਰ ਦੀ ਸਿਰਮੌਰ ਸੰਸਥਾ ਹੈ ਜਿਸ ਰਾਹੀਂ ਭਾਰਤ ਵਿੱਚ ਇਨ੍ਹਾਂ ਉਦਮਾਂ ਨੂੰ ਉਚਿਆਂ ਚੁੱਕਿਆ ਜਾ ਰਿਹਾ ਹੈ। ਉਨ੍ਹਾਂ ਨੇ ਡੇਅਰੀ ਫਾਰਮਿੰਗ ਦੇ ਖੇਤਰ ਵਿੱਚ ਨਵੀਆਂ ਸੰਭਾਵਨਾਵਾਂ, ਭਵਿੱਖੀ ਵਿਸਥਾਰ ਅਤੇ ਯੂਨੀਵਰਸਿਟੀ ਵੱਲੋਂ ਮੁਹੱਈਆ ਕੀਤੀਆਂ ਜਾ ਰਹੀਆਂ ਸਹੂਲਤਾਂ ਬਾਰੇ ਵੀ ਚਾਨਣਾ ਪਾਇਆ।

ਸਿਖਲਾਈ ਦੌਰਾਨ ਡੇਅਰੀ, ਵੈਟਨਰੀ, ਉਦਯੋਗ ਅਤੇ ਲੇਖਾ ਜੋਖਾ ਮਾਹਿਰਾਂ ਨੇ ਭਾਸ਼ਣੀ ਅਤੇ ਪ੍ਰਯੋਗੀ ਗਿਆਨ ਦਿੱਤਾ। ਸਿੱਖਿਆਰਥੀਆਂ ਨੂੰ ਡੇਅਰੀ ਪਲਾਂਟਾਂ ਅਤੇ ਡੇਅਰੀ ਕਿੱਤਾ ਆਧਾਰਿਤ ਕੰਪਨੀਆਂ ਦਾ ਦੌਰਾ ਵੀ ਕਰਵਾਇਆ ਗਿਆ।

ਡਾ. ਸੁਰੇਸ਼ ਕੁਮਾਰ, ਡਾ. ਕੁਲਵਿੰਦਰ ਸਿੰਘ ਅਤੇ ਡਾ. ਨਿਤਿਨ ਮਹਿਤਾ, ਕੋਰਸ ਸੰਯੋਜਕਾਂ ਨੇ ਪ੍ਰਭਾਵਸ਼ਾਲੀ ਢੰਗ ਨਾਲ ਇਸ ਸਿਖਲਾਈ ਨੂੰ ਨੇਪਰੇ ਚੜ੍ਹਾਇਆ।











## ਵਧੀਕ ਡਿਪਟੀ ਕਮਿਸ਼ਨਰ ਨੇ ਕੂੜਾ ਚੁੱਕਣ ਵਾਲੀਆਂ ਗੱਡੀਆਂ ਨੂੰ ਹਰੀ ਝੰਡੀ ਦੇ ਕੇ ਕੀਤਾ ਰਵਾਨਾ



ਫ਼ਿਰੋਜ਼ਪੁਰ, 3 ਫਰਵਰੀ (ਗਿਆਨ ਸਿੰਘ): ਵਧੀਕ ਡਿਪਟੀ ਕਮਿਸ਼ਨਰ (ਜ) ਡਾ. ਨਿਧੀ ਕੁਮੁਦ ਬੰਬਾਹ ਨੇ ਅੱਜ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਤੋਂ ਕੂੜਾ ਚੁੱਕਣ ਵਾਲੀਆਂ ਪੰਜ ਗੱਡੀਆਂ ਨੂੰ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ। ਇਹ ਗੱਡੀਆਂ ਆਈ.ਸੀ.ਆਈ.ਸੀ.ਆਈ. ਫਾਊਂਡੇਸ਼ਨ ਵੱਲੋਂ ਫ਼ਿਰੋਜ਼ਪੁਰ ਵਿਖੇ ਸੁਚੱਜੇ ਕੂੜਾ ਪ੍ਰਬੰਧਨ ਲਈ ਡੋਨੇਟ ਕੀਤੀਆਂ ਗਈਆਂ ਹਨ। ਗੱਡੀਆਂ ਨੂੰ ਹਰੀ ਝੰਡੀ ਦਿਖਾ ਕੇ ਰਵਾਨਾ ਕਰਨ ਉਪਰੰਤ ਵਧੀਕ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਇਹ ਗੱਡੀਆਂ ਫਿਰੋਜ਼ਪੁਰ ਵਿੱਚ ਕੂੜੇ ਦੇ ਸੁਚੱਜੇ ਪ੍ਰਬੰਧਨ ਲਈ ਬਹੁਤ ਹੀ ਸਹਾਈਸਿੱਧ ਹੋਣਗੀਆਂ। ਉਨ੍ਹਾਂ ਕਿਹਾ ਕਿ ਡਿਪਟੀ ਕਮਿਸ਼ਨਰ ਦੀਪਸ਼ਿਖਾ ਸ਼ਰਮਾ ਦੀ ਅਗਵਾਈ ਵਿੱਚ ਜ਼ਿਲ੍ਹਾ ਪ੍ਰਸ਼ਾਸਨ ਵੱਖ-ਵੱਖ ਸੰਸਥਾਵਾਂ ਨਾਲ ਮਿਲ ਕੇ ਜ਼ਲਿ ਦੀ ਦਸ਼ਾ ਤੇ ਦਿਸ਼ਾ ਸੁਧਾਰਨ ਲਈ ਵਚਨਬੱਧ ਹੈ।



